PAIGAM-E-JAGAT
# ਪੈ.ਗਾਮ-ਏ-ਜਗਤ
ਜ਼ਿੰਦਗੀ ਵਿੱਚ ਜਿੱਤਾਂ ਅਤੇ ਹਾਰਾਂ ਹੁੰਦੀਆਂ ਹਨ; ਅੱਗੇ ਵਧਣ ਤੋਂ ਬਾਅਦ ਤੁਸੀਂ ਕਿਵੇਂ ਵਿਵਹਾਰ ਕਰਦੇ ਹੋ ਇਹ ਮਹੱਤਵਪੂਰਨ ਹੈ।
Title code : CHAMUL00914 | E-mail : Info@paigamejagat.com | ਬੁੱਧਵਾਰ, 1 ਜੁਲਾਈ 2026, ਸਾਲ-3, ਅੰਕ-144, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਵੱਡਾ ਤੋਹਫ਼ਾ

# ਟਰੈਫਿਕ ਦੀ ਸਮੱਸਿਆ ਨੂੰ ਖ਼ਤਮ ਕਰਨ ਅਤੇ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਲਈ ਰੋਡ ਓਵਰ ਬ੍ਰਿਜ ਦਾ ਰੱਖਿਆ ਨੀਂਹ ਪੱਥਰ

### 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 40 ਲੱਖ ਤੋਂ ਵੱਧ ਔਰਤਾਂ ਹੋਈਆਂ ਰਜਿਸਟਰਡ; ਪਹਿਲੀ ਜੁਲਾਈ ਤੋਂ ਮਿਲੇਗਾ ਲਾਭ: ਭਗਵੰਤ ਮਾਨ

**ਧੂਰੀ (ਸੰਗਰੂਰ), 30 ਜੂਨ (ਪੈਗ਼ਾਮ-ਏ-ਜਗਤ)**

ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਦੁਹਰਾਉਂਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 54.76 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰੋਡ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ, ਜੋ ਟ੍ਰੈਫਿਕ ਜਾਮ ਦੀ ਸਮੱਸਿਆ ਨੂੰ ਸਥਾਈ ਤੌਰ 'ਤੇ ਖ਼ਤਮ ਕਰੇਗਾ, ਖੇਤਰੀ ਸੰਪਰਕ ਨੂੰ ਮਜ਼ਬੂਤ ਕਰੇਗਾ ਅਤੇ ਇਲਾਕੇ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਰਫ਼ਤਾਰ ਦੇਵੇਗਾ। ਆਪਣੇ ਦੌਰੇ ਦੌਰਾਨ ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪਹਿਲੀ ਜੁਲਾਈ ਤੋਂ ਧੂਰੀ ਤੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਨੇ ਸੂਬੇ ਵਿੱਚ ਬਿਜਲੀ ਦੀ ਸਿਧਰ ਮੰਗ ਦੇ ਸਫ਼ਲ ਪ੍ਰਬੰਧਨ ਦਾ ਜਾਇਜ਼ਾ ਲਿਆ, ਧੂਰੀ ਅਤੇ ਸੰਗਰੂਰ ਵਿੱਚ ਕੀਤੇ ਗਏ ਪ੍ਰਮੁੱਖ ਵਿਕਾਸ ਕਾਰਜਾਂ ਦਾ ਜ਼ਿਕਰ ਕੀਤਾ ਅਤੇ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਲਈ ਸਰਵਉੱਚ ਹਨ।

ਨੀਂਹ ਪੱਥਰ ਰੱਖਣ ਦੀ ਰਸਮ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਧੂਰੀ ਸਬ-ਡਿਵੀਜ਼ਨ ਵਿੱਚ ਰਾਜਪੁਰਾ-ਬਠਿੰਡਾ ਰੇਲਵੇ ਲਾਈਨ 'ਤੇ ਲੈਵਲ ਕਰਾਸਿੰਗ ਨੰਬਰ 62-ਏ ਦੇ ਨਾਲ ਲੱਗਦੀ ਸ਼ੇਰੋ ਡਿਸਟ੍ਰੀਬਿਊਟਰੀ (ਸ਼ੂਏ) ਦੇ ਉੱਪਰ ਫ਼ੁੱਟਪਾਥ ਸਮੇਤ ਇੱਕ ਆਧੁਨਿਕ ਟੂ-ਲੇਨ ਰੋਡ ਓਵਰ ਬ੍ਰਿਜ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਪੰਜਾਬ ਇੰਫ੍ਰਾਸਟ੍ਰਕਚਰ ਡਿਵੈਲਪਮੈਂਟ ਬੋਰਡ (ਪੀ.ਆਈ.ਡੀ.ਬੀ.) ਦੇ ਫੰਡਾਂ ਨਾਲ ਇਸ ਪ੍ਰਾਜੈਕਟ ਨੂੰ 54.76 ਕਰੋੜ ਰੁਪਏ ਦੀ ਲਾਗਤ ਨਾਲ ਨੇਪਰੇ ਚਾੜਿਆ ਜਾ ਰਿਹਾ ਹੈ।

ਪ੍ਰਾਜੈਕਟ ਦੇ ਕੰਮ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰੇਲਵੇ, ਵਣ ਵਿਭਾਗ, ਬੀ. ਐਸ. ਐਨ. ਐਲ., ਪੀ. ਐਸ .ਪੀ.ਸੀ.ਐਲ. ਅਤੇ ਹੋਰ ਸਬੰਧਤ ਵਿਭਾਗਾਂ ਤੋਂ ਸਾਰੀਆਂ ਲੋੜੀਂਦੀਆਂ ਐਨ.ਓ.ਸੀ. ਅਤੇ ਮਨਜ਼ੂਰੀਆਂ ਪਹਿਲਾਂ ਹੀ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ। ਅਸੀਂ ਇਸ ਪ੍ਰਾਜੈਕਟ ਨੂੰ 18 ਮਹੀਨਿਆਂ ਦੇ ਅੰਦਰ, ਯਾਨੀ ਅਕਤੂਬਰ 2027 ਤੱਕ ਮੁਕੰਮਲ ਕਰਨ ਲਈ ਵਚਨਬੱਧ ਹਾਂ।

ਇਸ ਪ੍ਰਾਜੈਕਟ ਦੇ ਪੂਰਾ ਵੇ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਰੋਡ ਓਵਰ ਬ੍ਰਿਜ ਧੂਰੀ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਟ੍ਰੈਫਿਕ ਦੀ ਸਮੱਸਿਆ ਤੋਂ ਵੱਡੀ ਰਾਹਤ ਪ੍ਰਦਾਨ ਕਰੇਗਾ। ਇਹ ਇਲਾਕੇ ਦੇ ਟਰਾਂਸਪੋਰਟ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਇਸ ਦੇ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਤੇਜ਼ ਕਰਨ ਦੇ ਨਾਲ-ਨਾਲ ਸੁਰੱਖਿਅਤ, ਨਿਰਵਿਘਨ ਅਤੇ ਤੇਜ਼ ਆਵਾਜਾਈ ਯਕੀਨੀ ਬਣਾਏਗਾ।

ਇਸ ਨੂੰ ਹਲਕੇ ਲਈ ਇਤਿਹਾਸਕ ਦਿਨ ਕਰਾਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਧੂਰੀ ਵਿਧਾਨ ਸਭਾ ਹਲਕੇ ਦੇ ਇਤਿਹਾਸ ਵਿੱਚ ਇੱਕ ਸੁਨਹਿਰੀ ਦਿਨ ਹੈ ਕਿਉਂਕਿ ਇੱਥੋਂ ਦੇ ਨਿਵਾਸੀਆਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਆਖ਼ਰਕਾਰ ਪੂਰੀ ਹੋ ਗਈ ਹੈ।

ਸੰਤੁਲਿਤ ਵਿਕਾਸ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਸਰਕਾਰ ਨੇ ਇਸ ਪ੍ਰਾਜੈਕਟ ਲਈ ਪੂਰੀ ਫੰਡਿੰਗ ਆਪਣੇ ਸਰੋਤਾਂ ਤੋਂ ਕੀਤੀ ਹੈ ਤਾਂ ਜੋ ਹੋਰਲਾ ਰੇਲਵੇ ਕਰਾਸਿੰਗ ਖੁੱਲ੍ਹਾ ਰਹੇ, ਜਿਸ ਨਾਲ ਸਥਾਨਕ ਕਾਰੋਬਾਰ ਸੁਰੱਖਿਅਤ ਰਹਿਣਗੇ ਅਤੇ ਸ਼ਹਿਰ ਦੇ ਹਿੱਸਿਆਂ ਵਿੱਚ ਨਹੀਂ ਵੰਡਿਆ ਜਾਵੇਗਾ। ਲੋਕਾਂ ਦੀ ਸਹੂਲਤ ਲਈ ਇੱਕ ਚੱਲਦੀ ਨਹਿਰ ਅਤੇ ਰੇਲਵੇ ਲਾਈਨ ਦੇ ਉੱਪਰ ਬਣਾਇਆ ਜਾ ਰਿਹਾ ਇਹ ਪੁਲ ਇਜਨੀਅਰਿੰਗ ਦਾ ਇੱਕ ਬੇਮਿਸਾਲ ਨਮੂਨਾ ਹੈ। ਧੂਰੀ ਵਿੱਚ ਕੀਤੇ ਗਏ ਹੋਰ ਵਿਕਾਸ ਕਾਰਜਾਂ ਦੀ ਸੂਚੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਨੂੰ ਮਿਆਰੀ ਕਿਤਾਬਾਂ ਮੁਹੱਈਆ ਕਰਵਾਉਣ ਲਈ ਧੂਰੀ ਵਿੱਚ ਪਹਿਲਾਂ ਹੀ ਇੱਕ ਆਧੁਨਿਕ ਪਬਲਿਕ ਲਾਇਬ੍ਰੇਰੀ ਸਥਾਪਤ ਕੀਤੀ ਜਾ ਚੁੱਕੀ ਹੈ।

## ਬਠਿੰਡਾ ਵਿੱਚ ਸੰਖੇਪ ਮੁੱਠਭੇੜ ਤੋਂ ਬਾਅਦ ਚਾਰ ਮੁਲਜ਼ਮ ਗ੍ਰਿਫ਼ਤਾਰ; ਦੋ ਪਿਸਤੌਲ ਬਰਾਮਦ

**ਚੰਡੀਗੜ੍ਹ/ਬਠਿੰਡਾ, 30 ਜੂਨ (ਪੈਗ਼ਾਮ-ਏ-ਜਗਤ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਨੇ ਬਠਿੰਡਾ ਵਿੱਚ ਸਰਹਿੰਦ ਨਹਿਰ ਲਿੰਕ ਰੋਡ ਨੇੜੇ ਸੰਖੇਪ ਮੁੱਠਭੇੜ ਤੋਂ ਬਾਅਦ ਚਾਰ ਮੁਲਜ਼ਮਾਂ ਨੂੰ ਦੋ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਗੁਰਦੀਪ ਸਿੰਘ ਉਰਫ਼ ਕਾਲਾ, ਸੁਖਚੈਨ ਸਿੰਘ ਉਰਫ਼ ਪਿੱਲਾ ਅਤੇ ਗੁਰਵਿੰਦਰ ਸਿੰਘ ਉਰਫ਼ ਮਾਣਾ, ਸਾਰੇ ਵਾਸੀ ਪਿੰਡ ਸਲਾਬਤਪੁਰਾ, ਬਠਿੰਡਾ ਅਤੇ ਜਸ਼ਨਪ੍ਰੀਤ ਉਰਫ਼ ਜੱਸੀ ਵਾਸੀ ਪਿੰਡ ਦੁੱਲੇਵਾਲਾ, ਬਠਿੰਡਾ ਵਜੋਂ ਹੋਈ ਹੈ। ਸ਼ਰਾਮਦ ਹਥਿਆਰਾਂ ਵਿੱਚ ਇੱਕ 9ਐਮਐਮ ਗਲਾਕ ਅਤੇ ਇੱਕ .30 ਬੋਰ ਦੇ ਪਿਸਤੌਲ ਸਮੇਤ ਪੰਜ ਜ਼ਿੰਦਾ ਕਾਰਤੂਸ ਅਤੇ ਦੋ ਖੋਲ ਮਿਲੇ ਹਨ। ਹਥਿਆਰਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਮੁਲਜ਼ਮਾਂ ਦੇ ਦੋ ਮੋਟਰਸਾਈਕਲ ਵੀ ਜ਼ਬਤ ਕਰ ਲਏ ਹਨ, ਜਿਨ੍ਹਾਂ ਵਿੱਚ ਇੱਕ ਰਾਇਲ ਐਨਫੀਲਡ ਬੁਲੇਟ ਅਤੇ ਇੱਕ ਹੀਰੋ ਸਪਲੈਂਡਰ ਸ਼ਾਮਲ ਹੈ, ਜਿਸ 'ਤੇ ਉਹ ਜਾ ਰਹੇ ਸਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਇੱਕ ਅਪਰਾਧਿਕ ਨੈੱਟਵਰਕ ਨਾਲ ਸਬੰਧਤ ਹਨ ਅਤੇ ਬਠਿੰਡਾ ਦੇ ਥਾਣਾ ਭਗਤਾ ਭਾਈਕਾ ਵਿਖੇ ਦਰਜ ਇੱਕ ਹਾਲੀਆ ਅਪਰਾਧਿਕ ਮਾਮਲੇ ਵਿੱਚ ਲੋੜੀਂਦੇ ਸਨ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਮੁਲਜ਼ਮਾਂ ਦੀ ਪਛਾਣ ਅਤੇ ਇਸ ਵਿਆਪਕ ਅਪਰਾਧਿਕ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਪੁਲਿਸ ਵੱਲੋਂ ਮੋਟਰਸਾਈਕਲ ਚੋਰੀ ਕਰਨ ਵਾਲੇ ਗਿਰੋਹ ਦੇ ਤਿੰਨ ਮੈਂਬਰ ਕਾਬੂ, 17 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 30 ਜੂਨ (ਪੈਗ਼ਾਮ-ਏ-ਜਗਤ)**

ਸੀਨੀਅਰ ਕਪਤਾਨ ਪੁਲਿਸ ਸ੍ਰੀ ਮਨਿੰਦਰ ਸਿੰਘ (ਆਈ.ਪੀ.ਐਸ.) ਦੇ ਦਿਸ਼ਾ-ਨਿਰਦੇਸ਼ਾਂ ਅਤੇ ਕਪਤਾਨ ਪੁਲਿਸ (ਸ਼ਹਿਰੀ) ਸ੍ਰੀ ਦਿਲਪ੍ਰੀਤ ਸਿੰਘ (ਆਈ.ਪੀ.ਐਸ.) ਅਤੇ ਉਪ ਕਪਤਾਨ ਪੁਲਿਸ (ਸ਼ਹਿਰੀ-2) ਸ੍ਰੀ ਹਰਸਿਮਰਤ ਸਿੰਘ ਛੱਤਰਾ ਦੀ ਨਿਗਰਾਨੀ ਹੇਠ ਥਾਣਾ ਸੋਹਾਣਾ ਦੀ ਪੁਲਿਸ ਨੇ ਮੋਟਰਸਾਈਕਲ ਚੋਰੀ ਕਰਨ ਵਾਲੇ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 17 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਹਨ। ਥਾਣਾ ਸੋਹਾਣਾ ਦੇ ਮੁੱਖ ਅਫ਼ਸਰ ਇੰਸਪੈਕਟਰ ਸਿਮਰਜੀਤ ਸਿੰਘ ਦੀ ਅਗਵਾਈ ਹੇਠ ਏ.ਐਸ.ਆਈ. ਨਰਿੰਦਰ ਸਿੰਘ ਅਤੇ ਪੁਲਿਸ ਪਾਰਟੀ ਵੱਲੋਂ ਸੈਕਟਰ 78-79 ਵਿਖੇ ਨਾਕਾਬੰਦੀ ਦੌਰਾਨ 26 ਜੂਨ ਦੀ ਰਾਤ ਤਿੰਨ ਸ਼ੱਕੀ ਵਿਅਕਤੀਆਂ—ਅਜੇ ਉਰਫ਼ ਸ਼ਿਬੂ, ਗਗਨਦੀਪ ਸਿੰਘ ਉਰਫ਼ ਰਾਣਾ ਅਤੇ ਗੁਰਪ੍ਰੀਤ ਸਿੰਘ ਉਰਫ਼ ਬਿੱਲਾ, ਵਾਸੀ ਪਿੰਡ ਸੋਹਾਣਾ—ਨੂੰ ਇੱਕ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ। ਇਸ ਸਬੰਧੀ ਥਾਣਾ ਸੋਹਾਣਾ ਵਿਖੇ ਮੁਕੱਦਮਾ ਨੰਬਰ 184 ਮਿਤੀ 27 ਜੂਨ 2026 ਅਧੀਨ ਧਾਰਾ 303(2) ਅਤੇ 317(2) ਬੀ.ਐਨ.ਐਸ. ਤਹਿਤ ਕੇਸ ਦਰਜ ਕੀਤਾ ਗਿਆ। ਮਾਣਯੋਗ ਅਦਾਲਤ ਤੋਂ ਦੋ ਦਿਨ ਦਾ ਪੁਲਿਸ ਰਿਮਾਂਡ ਹਾਸਲ ਕਰਨ ਉਪਰੰਤ ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਵੱਖ-ਵੱਖ ਥਾਵਾਂ ਤੋਂ ਹੁਣ ਤੱਕ ਕੁੱਲ 17 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਤਫ਼ਤੀਸ਼ ਜਾਰੀ ਹੈ ਅਤੇ ਗਿਰੋਹ ਨਾਲ ਜੁੜੇ ਹੋਰ ਪਹਿਲੂਆਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

## ਕੋਰਟ ਵੱਲੋਂ ਜਬਰ ਜਨਾਹ ਮਾਮਲੇ 'ਚ ਆਸਾਰਾਮ ਦੀ ਸਜ਼ਾ ਮੁਅੱਤਲ ਕਰਨ ਤੋਂ ਇਨਕਾਰ

**ਨਵੀਂ ਦਿੱਲੀ** - ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਨਾਬਾਲਗ ਨਾਲ ਜਬਰ ਜਨਾਹ ਦੇ 13 ਸਾਲ ਪੁਰਾਣੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਅਤੇ ਉਮਰ ਕੈਦ ਦੀ ਸਜ਼ਾ ਕੱਟ ਰਹੇ ਆਸਾਰਾਮ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਜਸਟਿਸ ਐੱਮ.ਐੱਮ. ਸੁੰਦਰੇਸ਼ ਅਤੇ ਜਸਟਿਸ ਸ਼ੀਲ ਨਾਗੂ ਦੀ ਬੈਂਚ ਨੇ ਕਿਹਾ, +ਅਸੀਂ ਹੁਣ ਜ਼ਮਾਨਤ ਨਹੀਂ ਦੇ ਰਹੇ ਹਾਂ। ਰਾਜ ਸਰਕਾਰ ਦਾ ਪੱਖ ਸੁਣਨ ਦੇ ਅਧੀਨ... ਜੇ ਜ਼ਮਾਨਤ ਦੇਣ ਦੀ ਗੰਭੀਰ ਲੋੜ ਹੋਵੇਗੀ ਤਾਂ ਅਸੀਂ ਵਿਚਾਰ ਕਰਾਂਗੇ... ਜਿਵੇਂ ਕਿ ਅਜਿਹੀਆਂ ਸਥਿਤੀਆਂ ਵਿੱਚ ਜਿੱਥੇ ਉਸ ਦੀ ਜਾਨ ਨੂੰ ਖ਼ਤਰਾ ਹੋਵੇ।' ਹਾਲਾਂਕਿ, ਬੈਂਚ ਨੇ ਇਸ ਮਾਮਲੇ ਵਿੱਚ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦੇਣ ਵਾਲੀ ਆਸਾਰਾਮ ਦੀ ਪਟੀਸ਼ਨ 'ਤੇ ਰਾਜਸਥਾਨ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ, ਜਿਸ ਵਿੱਚ ਉਸਦੀ ਸਜ਼ਾ ਅਤੇ ਉਮਰ ਕੈਦ ਨੂੰ ਬਰਕਰਾਰ ਰੱਖਿਆ ਗਿਆ।

## ਟਿਊਸ਼ਨ ਸੈਂਟਰ ਦੀ ਛੱਤ ਡਿੱਗੀ; 14 ਬੱਚਿਆਂ ਦੀ ਮੌਤ, 20 ਜ਼ਖ਼ਮੀ

**ਲਾਹੌਰ, 30 ਜੂਨ (ਪੈਗ਼ਾਮ-ਏ-ਜਗਤ)**

ਪਾਕਿਸਤਾਨ ਦੇ ਲਾਹੌਰ ਸ਼ਹਿਰ ਵਿੱਚ ਮੰਗਲਵਾਰ ਨੂੰ ਇੱਕ ਨਿੱਜੀ ਟਿਊਸ਼ਨ ਸੈਂਟਰ ਦੀ ਛੱਤ ਡਿੱਗਣ ਕਾਰਨ 14 ਸਕੂਲੀ ਬੱਚਿਆਂ ਦੀ ਮੌਤ ਹੋ ਗਈ, ਜਦਕਿ 20 ਹੋਰ ਬੱਚੇ ਜ਼ਖ਼ਮੀ ਹੋ ਗਏ। ਪੁਲੀਸ ਅਨੁਸਾਰ ਇਹ ਟਿਊਸ਼ਨ ਸੈਂਟਰ ਉਸਾਰੀ ਅਧੀਨ ਇੱਕ ਇਮਾਰਤ ਵਿੱਚ ਚੱਲ ਰਿਹਾ ਸੀ।

ਪੁਲੀਸ ਨੇ ਦੱਸਿਆ ਕਿ ਲਾਹੌਰ ਦੇ ਸੰਘਣੀ ਆਬਾਦੀ ਵਾਲੇ ਕਾਹਨਾ ਨੌਂ ਇਲਾਕੇ ਵਿੱਚ ਸਥਿਤ ਇਸ ਟਿਊਸ਼ਨ ਸੈਂਟਰ ਵਿੱਚ ਹਾਦਸੇ ਵੇਲੇ 7 ਤੋਂ 13 ਸਾਲ ਦੀ ਉਮਰ ਦੇ 30 ਤੋਂ ਵੱਧ ਬੱਚੇ ਪੜ੍ਹਾਈ ਕਰ ਰਹੇ ਸਨ। ਅਚਾਨਕ ਛੱਤ ਡਿੱਗਣ ਨਾਲ ਸਾਰੇ ਬੱਚੇ ਮਲਬੇ ਹੇਠਾਂ ਦੱਬ ਗਏ। ਲਾਹੌਰ ਦੇ ਡਿਪਟੀ ਇਸਪੈਕਟਰ ਜਨਰਲ (ਅਪ੍ਰੇਸ਼ਨਜ਼) ਫ਼ੈਸਲ ਕਮਰਾਨ ਨੇ ਦੱਸਿਆ ਕਿ ਹੁਣ ਤੱਕ ਮਲਬੇ ਵਿੱਚੋਂ 14 ਬੱਚਿਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਜ਼ਖ਼ਮੀ 20 ਬੱਚਿਆਂ ਅਤੇ ਇੱਕ ਮਹਿਲਾ ਅਧਿਆਪਕਾ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬਚਾਅ ਟੀਮਾਂ ਮਲਬੇ ਹੇਠਾਂ ਫਸੇ ਹੋਰ ਲੋਕਾਂ ਦੀ ਭਾਲ ਲਈ ਲਗਾਤਾਰ ਰਾਹਤ ਕਾਰਜ ਚਲਾ ਰਹੀਆਂ ਹਨ। ਫ਼ੈਸਲ ਕਮਰਾਨ ਨੇ ਕਿਹਾ ਕਿ ਇਮਾਰਤ ਦਾ ਇੱਕ ਹਿੱਸਾ ਉਸਾਰੀ ਅਧੀਨ ਸੀ ਅਤੇ ਉਸ ਵੇਲੇ ਮਜ਼ਦੂਰ ਉੱਥੇ ਕੰਮ ਕਰ ਰਹੇ ਸਨ। ਇਸ ਦੌਰਾਨ ਛੱਤ ਅਚਾਨਕ ਢਹਿ ਗਈ। ਇਸ ਮਾਮਲੇ ਵਿੱਚ ਠੇਕੇਦਾਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਲਾਹੌਰ ਜ਼ਿਲ੍ਹਾ ਸਿੱਖਿਆ ਅਥਾਰਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਤਾਰਿਕ ਮਹਿਮੂਦ ਨੇ ਦੱਸਿਆ ਕਿ ਇਸ ਇਮਾਰਤ ਵਿੱਚ ਸਥਾਨਕ ਵਸਨੀਕ ਇੱਕ ਮਹਿਲਾ ਵੱਲੋਂ ਨਿੱਜੀ ਟਿਊਸ਼ਨ ਸੈਂਟਰ ਚਲਾਇਆ ਜਾ ਰਿਹਾ ਸੀ। ਫਾਊਂਡੇਸ਼ਨ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਕਾਹਨਾ ਨੇ ਦੇ ਬਸਤੀ ਈਦ ਗਾਹ ਇਲਾਕੇ ਵਿੱਚ ਸਥਿਤ ਰਿਹਾਇਸ਼ੀ ਇਮਾਰਤ ਵਿੱਚ ਬਣੇ ਟਿਊਸ਼ਨ ਸੈਂਟਰ ਦੀ ਛੱਤ ਅਚਾਨਕ ਡਿੱਗ ਗਈ। ਸੰਸਥਾ ਨੇ ਦੱਸਿਆ ਕਿ ਮ੍ਰਿਤਕ ਬੱਚਿਆਂ ਦੀਆਂ ਲਾਸ਼ਾਂ ਲਾਹੌਰ ਜਨਰਲ ਹਸਪਤਾਲ ਦੇ ਮੁਰਦਾਘਰ ਵਿੱਚ ਭੇਜ ਦਿੱਤੀਆਂ ਗਈਆਂ ਹਨ। ਫਾਊਂਡੇਸ਼ਨ ਨੇ ਇਹ ਵੀ ਕਿਹਾ ਕਿ ਕੁਝ ਬੱਚੇ ਅਜੇ ਵੀ ਮਲਬੇ ਹੇਠਾਂ ਫਸੇ ਹੋਏ ਹਨ, ਜਿਸ ਕਾਰਨ ਮ੍ਰਿਤਕਾਂ ਦੀ ਗਿਣਤੀ ਵੱਧ ਸਕਦੀ ਹੈ। ਜ਼ਖ਼ਮੀਆਂ ਦੀ ਹਾਲਤ ਇਸ ਵੇਲੇ ਸਥਿਰ ਦੱਸੀ ਜਾ ਰਹੀ ਹੈ। ਐਧੀ ਫਾਊਂਡੇਸ਼ਨ ਦੀਆਂ ਐਂਬੂਲੈਂਸਾਂ ਮੌਕੇ 'ਤੇ ਤਾਇਨਾਤ ਹਨ ਅਤੇ ਐਮਰਜੈਂਸੀ ਡਾਕਟਰੀ ਸਹਾਇਤਾ ਦਿੱਤੀ ਜਾ ਰਹੀ ਹੈ।

## ਧਰਮਿੰਦਰ 

# ਆਦੇਸ਼ ਹਸਪਤਾਲ ਵਿਖੇ ਗੁਰਦੇ ਦੇ ਮਰੀਜ਼ਾਂ ਲਈ ਸੀਆਰਆਰਟੀ ਦੀ ਹੋਈ ਸ਼ੁਰੂਆਤ

**ਪੈਗ਼ਾਮ-ਏ-ਜਗਤ**
**ਅੰਬਾਲਾ, 30 ਜੂਨ (ਆਰ.ਸਿੰਘ)**

ਨੇਫਰੋਲੋਜਿਸਟ ਡਾ. ਮਨਦੀਪ ਜੋਸ਼ੀ ਨੇ ਮੋਹਰੀ ਸਥਿਤ ਆਦੇਸ਼ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਕਾਰਜਭਾਰ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਨੇ ਗੁਰਦੇ ਦੀਆਂ ਬਿਮਾਰੀਆਂ ਦੀ ਵੱਧ ਰਹੀ ਸਮੱਸਿਆ, ਸਮੇਂ ਸਿਰ ਨਿਦਾਨ ਅਤੇ ਆਧੁਨਿਕ ਇਲਾਜ ਦੀ ਜ਼ਰੂਰਤ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ।

ਡਾ. ਮਨਦੀਪ ਜੋਸ਼ੀ ਨੇ ਦੱਸਿਆ ਕਿ ਆਦੇਸ਼ ਹਸਪਤਾਲ ਵਿਖੇ ਸੀਆਰਆਰਟੀ ਦਾ ਇੱਕ ਕੇਸ ਕੀਤਾ ਗਿਆ ਹੈ ਜੋ ਕਿ ਗੰਭੀਰ ਰੂਪ ਵਿੱਚ ਬਿਮਾਰ ਮਰੀਜ਼ਾਂ, ਜਿਨ੍ਹਾਂ ਦੇ ਗੁਰਦੇ ਅਚਾਨਕ ਕੰਮ ਕਰਨਾ ਬੰਦ ਕਰ ਦਿੰਦੇ ਹਨ, ਦੇ ਲਈ ਜੀਵਨ ਬਚਾਉਣ ਵਾਲੀ ਤਕਨੀਕ ਮੰਨਿਆ ਜਾਂਦਾ ਹੈ।

ਡਾ. ਮਨਦੀਪ ਜੋਸ਼ੀ ਨੇ ਦੱਸਿਆ ਕਿ ਵਰਤਮਾਨ ਵਿੱਚ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਅਨਿਯਮਿਤ ਜੀਵਨ ਸ਼ੈਲੀ ਕਾਰਨ ਗੁਰਦੇ ਨਾਲ ਸਬੰਧਿਤ ਮਰੀਜ਼ਾਂ ਦੀ ਗਿਣਤੀ ਵੱਧ ਰਹੀ ਹੈ। ਜੇ ਸ਼ੁਰੂਆਤੀ ਲੱਛਣਾਂ ਦੀ ਜਲਦੀ ਪਛਾਣ ਕੀਤੀ ਜਾਵੇ ਅਤੇ ਇੱਕ ਮਾਹਿਰ ਨਾਲ ਸਲਾਹ ਕੀਤੀ ਜਾਵੇ ਤਾਂ ਗੰਭੀਰ ਪੇਚੀਦਗੀਆਂ ਤੋਂ ਬਚਿਆ ਜਾ ਸਕਦਾ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗੁਰਦੇ ਦੀਆਂ ਬਿਮਾਰੀਆਂ ਦੇ ਇਲਾਜ ਲਈ ਸਮੇਂ ਸਿਰ ਨਿਦਾਨ, ਸਹੀ ਨਿਦਾਨ ਅਤੇ ਮਾਹਿਰ ਨਿਗਰਾਨੀ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਕਿਹਾ ਕਿ ਆਦੇਸ਼ ਹਸਪਤਾਲ ਗੁਰਦੇ ਦੇ ਮਰੀਜ਼ਾਂ ਲਈ ਆਧੁਨਿਕ ਨਿਦਾਨ ਸਹੂਲਤਾਂ, ਸਲਾਹ-ਮਸ਼ਵਰੇ ਅਤੇ ਜ਼ਰੂਰੀ ਇਲਾਜ ਪ੍ਰਦਾਨ ਕਰਦਾ ਹੈ। ਇਸ ਤੋਂ ਇਲਾਵਾ ਡਾਇਲੈਸਿਸ ਅਤੇ ਗੁਰਦੇ ਫੇਲ ਹੋਣ ਵਾਲੇ ਮਰੀਜ਼ਾਂ ਨੂੰ ਵਿਸ਼ੇਸ਼ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਡਾ. ਮਨਦੀਪ ਜੋਸ਼ੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਲੱਤਾਂ ਵਿੱਚ ਸੋਜ, ਪਿਸ਼ਾਬ ਵਿੱਚ ਬਦਲਾਅ, ਲਗਾਤਾਰ ਕਮਜ਼ੋਰੀ, ਹਾਈ ਬਲੱਡ ਪ੍ਰੈਸ਼ਰ ਜਾਂ ਸ਼ੂਗਰ ਵਰਗੀਆਂ ਸਮੱਸਿਆਵਾਂ ਹਨ ਤਾਂ ਉਨ੍ਹਾਂ ਨੂੰ ਨਜ਼ਰਅੰਦਾਜ਼ ਨਾ ਕਰੋ ਅਤੇ ਸਮੇਂ ਸਿਰ ਮਾਹਿਰ ਡਾਕਟਰ ਨਾਲ ਸਲਾਹ ਕਰੋ। ਉਨ੍ਹਾਂ ਕਿਹਾ ਕਿ ਆਦੇਸ਼ ਹਸਪਤਾਲ ਵਿੱਚ ਗੁਰਦੇ ਦੇ ਮਰੀਜ਼ਾਂ ਲਈ ਵਿਸ਼ੇਸ਼ ਸਹੂਲਤਾਂ ਉਪਲਬਧ ਹਨ ਤਾਂ ਜੋ ਅਸਿਹੇ ਮਰੀਜ਼ਾਂ ਨੂੰ ਇਲਾਜ ਲਈ ਬਾਹਰ ਨਾ ਜਾਣਾ ਪਵੇ।

ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਆਦੇਸ਼ ਹਸਪਤਾਲ ਵਿੱਚ ਕਈ ਤਰ੍ਹਾਂ ਦੇ ਸਿਹਤ ਬੀਮੇ ਦੇ ਨਾਲ-ਨਾਲ ਇਲਾਜ ਵੀ ਪ੍ਰਦਾਨ ਕੀਤਾ ਜਾ ਰਹਿਆ ਹੈ।

# ਪੰਜਾਬੀ ਲੋਕ ਗਾਇਕ ਹਰਦੀਪ ਗਿੱਲ ਨੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਤਹਿਤ ਐਨੂਮਰੇਸ਼ਨ ਫਾਰਮ ਭਰਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 30 ਜੂਨ (ਪੈਗ਼ਾਮ-ਏ-ਜਗਤ)**

ਭਾਰਤ ਦੇ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿਮ ਤਹਿਤ ਪੰਜਾਬੀ ਲੋਕ ਗਾਇਕ ਹਰਦੀਪ ਗਿੱਲ ਨੇ ਮੋਹਾਲੀ ਵਿਖੇ ਆਪਣੇ ਅਤੇ ਆਪਣੇ ਪਰਿਵਾਰ ਦੇ ਮੈਂਬਰਾਂ ਦੇ ਐਨੂਮਰੇਸ਼ਨ ਫਾਰਮ ਭਰੇ। ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ) ਪ੍ਰੋ. ਗੁਰਬਖਸ਼ੀਸ਼ ਸਿੰਘ ਅ੟ਾਲ, ਚੋਣ ਤਹਿਸੀਲਦਾਰ ਹਰਪ੍ਰੀਤ ਕੌਰ, ਚੋਣ ਕਾਨੂੰਗੋ ਸੁਰਿਦਰ ਬੱਤਰਾ ਅਤੇ ਬੂਥ ਲੈਵਲ

ਅਫ਼ਸਰ (ਬੀ.ਐਲ.ਓ.) ਪ੍ਰਦੀਪ ਸਿੰਘ ਨੇ ਹਰਦੀਪ ਗਿੱਲ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਐਨੂਮਰੇਸ਼ਨ ਫਾਰਮ ਭਰਵਾਉਣ ਦੀ ਪ੍ਰਕਿਰਿਆ ਮੁਕੰਮਲ ਕਰਵਾਈ।

ਹਰਦੀਪ ਗਿੱਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਿਵਾਰ ਦੇ ਸਾਰੇ ਯੋਗ ਵੋਟਰਾਂ ਦੇ ਐਨੂਮਰੇਸ਼ਨ ਫਾਰਮ ਸਮੇਂ ਸਿਰ ਜ਼ਰੂਰ ਭਰਨ। ਉਨ੍ਹਾਂ ਕਿਹਾ ਕਿ ਸ਼ੁੱਧ ਅਤੇ ਸਹੀ ਵੋਟਰ ਸੂਚੀ ਲੋਕਤੰਤਰ ਦੀ ਮਜ਼ਬੂਤੀ ਦਾ ਆਧਾਰ ਹੈ ਅਤੇ ਹਰ ਨਾਗਰਿਕ ਨੂੰ ਇਸ ਮਹੱਤਵਪੂਰਨ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਨਿਭਾਉਣੀ ਚਾਹੀਦੀ ਹੈ।

ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੋ. ਗੁਰਬਖਸ਼ੀਸ਼ ਸਿੰਘ ਅ੟ਾਲ ਨੇ ਜ਼ਿਲ੍ਹੇ ਦੇ ਸਮੂਹ ਵਿਦਿਅਕ ਅਦਾਰਿਆਂ ਦੇ ਮੁਖੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੀ.ਐਲ.ਓ. ਨਾਲ ਸੰਪਰਕ ਕਰਕੇ ਜਾਂ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਐਨੂਮਰੇਸ਼ਨ ਫਾਰਮ ਭਰਵਾਉਣ ਅਤੇ ਇਸ ਲੋਕਤੰਤਰੀ ਮਹਾਂਮੁਹਿਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਰਿਆਤ ਬਾਹਰਾ ਗਰੁੱਪ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਜੀ, ਸੋਲਖੀਆਂ ਨੂੰ ਬੱਸ ਭੇਟ

**ਮੋਹਾਲੀ, 30 ਜੂਨ (ਪੈਗ਼ਾਮ-ਏ-ਜਗਤ)**

ਸਮਾਜਿਕ ਜ਼ਿੰਮੇਵਾਰੀ ਅਤੇ ਲੋਕ ਭਲਾਈ ਪ੍ਰਤੀ ਆਪਣੀ ਨਿਰੰਤਰ ਵਚਨਬੱਧਤਾ ਨੂੰ ਅਮਲ ਵਿੱਚ ਲਿਆਉਂਦਿਆਂ ਰਿਆਤ ਬਾਹਰਾ ਗਰੁੱਪ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਜੀ, ਸੋਲਖੀਆਂ ਨੂੰ ਇੱਕ ਬੱਸ ਭੇਟ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਗੁਰਦੁਆਰਾ ਸਾਹਿਬ ਵੱਲੋਂ ਚਲਾਈਆਂ ਜਾ ਰਹੀਆਂ ਧਾਰਮਿਕ, ਸਮਾਜ ਸੇਵੀ ਅਤੇ ਮਨੁੱਖਤਾ ਭਲਾਈ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨਾ ਹੈ।

ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਰਿਆਤ ਬਾਹਰਾ ਗਰੁੱਪ ਦੇ ਚੇਅਰਮੇਨ ਗੁਰਵਿੰਦਰ

ਸਿੰਘ ਬਾਹਰਾ, ਵਾਈਸ ਚੇਅਰਮੇਨ ਗੁਰਿੰਦਰ ਸਿੰਘ ਬਾਹਰਾ ਅਤੇ ਵਾਈਸ ਪ੍ਰੈਜ਼ੀਡੈਂਟ ਸੈਸ਼ਿਕਾ ਦੁੱਗਲ ਬਾਹਰਾ ਨੇ ਗੁਰਦੁਆਰਾ ਪ੍ਰਬੰਧਕਾਂ ਨੂੰ ਬੱਸ ਦੀਆਂ ਚਾਬੀਆਂ ਰਸਮੀ ਤੌਰ ਤੇ ਸੌਂਪੀਆਂ।

ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੇਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਨਿਰਸਵਾਰਥ ਸੇਵਾ ਸਮਾਜ ਨੂੰ ਦਿੱਤਾ ਜਾਣ ਵਾਲਾ ਸਭ ਤੋਂ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਕਰਨਾ ਅਤੇ ਸਮਾਜ ਨੂੰ ਵਾਪਸ ਦੇਣਾ ਹਰ ਸੰਸਥਾ ਅਤੇ ਵਿਅਕਤੀ ਦੀ ਸਾਂਝੀ ਜ਼ਿੰਮੇਵਾਰੀ ਹੈ, ਜੋ ਆਪਸੀ ਭਾਈਚਾਰੇ, ਸਦਭਾਵਨਾ ਅਤੇ ਕਰੁਣਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਬਣਾਉਂਦੀ ਹੈ।

ਉਨ੍ਹਾਂ ਦੱਸਿਆ ਕਿ ਇਹ ਬੱਸ ਸੰਗਤ ਦੀਆਂ ਆਵਾਜਾਈ ਸਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਵੱਲੋਂ ਆਯੋਜਿਤ ਧਾਰਮਿਕ ਸਮਾਗਮਾਂ, ਸਮਾਜ ਸੇਵੀ ਕਾਰਜਾਂ ਅਤੇ ਹੋਰ ਲੋਕ ਭਲਾਈ ਦੀਆਂ ਗਤੀਵਿਧੀਆਂ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਏਗੀ। ਇਹ ਉਪਰਾਲਾ ਰਿਆਤ ਬਾਹਰਾ ਗਰੁੱਪ ਦੀ ਮਨੁੱਖਤਾ, ਸੇਵਾ ਅਤੇ ਲੋਕ ਭਲਾਈ ਦੇ ਮੁੱਲਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਸਮਾਜ ਸੇਵਾ ਲਈ ਸਮਰਪਿਤ ਸੰਸਥਾਵਾਂ ਨੂੰ ਨਿਰੰਤਰ ਸਹਿਯੋਗ ਦੇਣ ਪ੍ਰਤੀ ਉਸਦੀ ਅਟੱਲ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਸ ਮੌਕੇ ਬੀ. ਐਸ. ਬੈਸ, ਡਾਇਰੈਕਟਰ ਪ੍ਰਸ਼ਾਸਨ, ਕੁਲਦੀਪ ਕੁਮਾਰ, ਟਰਾਂਸਪੋਰਟ ਇੰਚਾਰਜ ਅਤੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਦੇ ਹੋਰ ਸੀਨੀਅਰ ਨੁਮਾਇੰਦੇ ਵੀ ਹਾਜ਼ਰ ਸਨ।

# ਪੁਲੀਸ ਡੀਏਵੀ ਸਕੂਲ ਨੇ ਇਕ ਰੋਜ਼ਾ ਸੀਬੀਐਸਈ ਇਨ-ਹਾਊਸ ਸਮਰੱਥਾ ਨਿਰਮਾਣ ਸੈਮੀਨਾਰ ਕਰਵਾਇਆ

**ਪੈਗ਼ਾਮ-ਏ-ਜਗਤ**
**ਅੰਬਾਲਾ, 30 ਜੂਨ (ਆਰ.ਸਿੰਘ)**

ਅੰਬਾਲਾ ਸ਼ਹਿਰ ਦੇ ਪੁਲੀਸ ਡੀਏਵੀ ਪਬਲਿਕ ਸਕੂਲ ਵਿਖੇ ÷ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ÷ ਥੀਮ ਤੇ ਇੱਕ ਰੋਜ਼ਾ ਸੀਬੀਐਸਈ ਇਨ-ਹਾਊਸ ਸਮਰੱਥਾ ਨਿਰਮਾਣ ਸੈਮੀਨਾਰ ਆਯੋਜਿਤ ਕੀਤਾ ਗਿਆ। ਇਸ ਦਾ ਮੁੱਖ ਉਦੇਸ਼ ਅਧਿਆਪਕਾਂ ਵਿੱਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਤਣਾਅ, ਚਿੰਤਾ ਤੇ ਉਦਾਸੀ ਵਰਗੇ ਮੁੱਦਿਆਂ ਨੂੰ ਹੱਲ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।

ਸੈਮੀਨਾਰ ਦੌਰਾਨ ਸਕੂਲ ਦੇ ਪ੍ਰਿੰਸੀਪਲ ਡਾ. ਵਿਕਾਸ ਕੋਹਲੀ ਨੇ ਕਿਹਾ ਕਿ ਅਜਿਹੇ ਸੈਮੀਨਾਰ ਭਾਗੀਦਾਰਾਂ ਦੀ ਸੋਚ, ਸੰਚਾਰ, ਲੀਡਰਸ਼ਿਪ ਅਤੇ ਸਮੱਸਿਆ ਹੱਲ ਕਰਨ ਦੇ ਹੁਨਰ ਵਿਕਸਤ ਕਰਦੇ ਹਨ। ਉਨ੍ਹਾਂ ਨੇ ਸਿਹਤਮੰਦ ਜੀਵਨ ਜਿਉਣ ਲਈ ਇੱਕ ਸਿਹਤਮੰਦ ਮਨ ਦੀ ਜ਼ਰੂਰਤ ਅਤੇ ਵਿਦਿਆਰਥੀਆਂ ਤੇ ਅਧਿਆਪਕਾਂ ਦੋਵਾਂ ਨੂੰ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸਾਂਝਣ ਅਤੇ ਇੱਕ ਸਕਾਰਾਤਮਿਕ ਮਾਨਸਿਕਤਾ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

ਉਨ੍ਹਾਂ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਮਾਹੌਲ ਵਿੱਚ ਮਾਨਸਿਕ ਸਿਹਤ ਦਾ ਧਿਆਨ ਰੱਖਣਾ ਸਰੀਰਕ ਸਿਹਤ ਜਿੰਨਾ ਹੀ ਮਹੱਤਵਪੂਰਨ ਹੈ। ਤਣਾਅ ਨੂੰ ਸਕਾਰਾਤਮਿਕ ਢੰਗ ਨਾਲ ਸੰਭਾਲਣਾ ਚਾਹੀਦਾ ਹੈ ਅਤੇ ਲੋੜ ਪੈਣ 'ਤੇ ਮਦਦ ਲੈਣ ਤੋਂ ਝਿਜਕਣਾ ਨਹੀਂ ਚਾਹੀਦਾ।

ਉਨ੍ਹਾਂ ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ ਪੈਦਾ ਕਰਨਾ ਜਾਰੀ ਰੱਖਣ ਦੀ ਅਪੀਲ ਕੀਤੀ ਤਾਂ ਜੋ ਉਹ ਆਪਣਾ ਆਤਮ ਵਿਸ਼ਵਾਸ ਬਣਾਈ ਰੱਖਣ ਅਤੇ ਨਕਾਰਾਤਮਿਕ ਵਿਚਾਰਾਂ ਤੋਂ ਬਚਣ। ਉਨ੍ਹਾਂ ਨੇ ਅਜਿਹੇ ਸਮਾਗਮਾਂ ਨੂੰ ਨਿਯਮਿਤ ਤੌਰ 'ਤੇ ਆਯੋਜਿਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

ਸੇਵਾ ਮੁਕਤ ਪ੍ਰਿੰਸੀਪਲ ਸੰਸਕ੍ਰਿਤ ਵਿਦਵਾਨ ਡਾ. ਕਾਮਦੇਵ ਝਾਅ ਨੇ ਵੱਖ-ਵੱਖ ਮਿਥਿਹਾਸਿਕ ਕਹਾਣੀਆਂ ਰਾਹੀਂ ਭਾਗੀਦਾਰਾਂ ਦੀ ਮਾਨਸਿਕ ਸਿਹਤ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਮਹਾਭਾਰਤ ਅਤੇ ਰਾਮਾਇਣ ਦੇ ਵੱਖ-ਵੱਖ ਪ੍ਰਸੰਗਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਮਾਨਸਿਕ ਤੌਰ 'ਤੇ ਸਿਹਤਮੰਦ ਵਿਅਕਤੀ ਆਤਮਵਿਸ਼ਵਾਸੀ, ਸੰਤੁਲਿਤ ਅਤੇ ਦੂਜਿਆਂ ਪ੍ਰਤੀ ਸੰਵੇਦਨਸ਼ੀਲ ਹੁੰਦਾ ਹੈ। ਉਹ ਸਬੰਧਾਂ ਨੂੰ ਚੰਗੀ ਤਰ੍ਹਾਂ ਬਣਾਈ ਰੱਖਦਾ ਹੈ ਅਤੇ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਦਾ ਹੈ। ਉਨ੍ਹਾਂ ਨੇ ਗੁਰੂ-ਸ਼ਿਸ਼ ਦੀ ਪਰੰਪਰਾ 'ਤੇ ਚਾਨਣਾ ਪਾਇਆ ਅਤੇ ਇਤਿਹਾਸ ਦੇ ਵੱਖ-ਵੱਖ ਤੱਥਾਂ ਤੇ ਘਟਨਾਵਾਂ ਨੂੰ ਵੀ ਸਾਂਝਾ ਕੀਤਾ। ਉਨ੍ਹਾਂ ਨੇ ਅੰਗਰੇਜ਼ੀ ਅਤੇ ਹਿੰਦੀ ਸਾਹਿਤ ਦੀਆਂ ਵੱਖ-ਵੱਖ ਕਿਰਤਾਂ ਤੋਂ ਉਦਾਹਰਨਾਂ ਪੇਸ਼ ਕੀਤੀਆਂ।

ਸੈਮੀਨਾਰ ਦੇ ਮੁੱਖ ਸ਼ੁਭਾਰੰਭ ਸ਼੍ਰੀਮਤੀ ਮੰਜੂ ਸੁਥਰਾ ਨੇ ਜੀਵਨ ਵਿੱਚ ਮਾਨਸਿਕ ਸਿਹਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਰੀਰ ਵਿਚਲੇ ਸੱਤ ਚੱਕਰਾਂ ਦਾ ਵਰਣਨ ਕੀਤਾ ਅਤੇ ਅਧਿਆਪਕਾਂ ਨੂੰ ਸਾਹ ਲੈਣ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਬਾਰੇ ਦੱਸਿਆ। ਸਾਰੇ ਅਧਿਆਪਕਾਂ ਨੇ ਸਾਹ ਲੈਣ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਦਾ ਚੰਗੀ ਤਰ੍ਹਾਂ ਅਭਿਆਸ ਕੀਤਾ।

ਦੂਜੇ ਮੁੱਖ ਸ਼ੁਭਾਰੰਭ ਚੇਦਰ ਪ੍ਰਕਾਸ਼ ਨੇ ਮਾਨਸਿਕ ਸਿਹਤ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਸ ਨੇ ਵਿਦਿਆਰਥੀਆਂ ਨੂੰ ਤਣਾਅ ਦਾ, ਸਮੇਂ ਦਾ ਪ੍ਰਬੰਧਨ ਕਰਨ ਅਤੇ ਆਤਮ-ਵਿਸ਼ਵਾਸ ਵਧਾਉਣ ਦੇ ਕਈ ਤਰੀਕੇ ਵੀ ਪੇਸ਼ ਕੀਤੇ ਅਤੇ ਵਿਦਿਆਰਥੀਆਂ ਵਿੱਚ ਤਣਾਅ ਦੇ ਕਾਰਨਾਂ ਤੇ ਹੱਲ 'ਤੇ ਚਾਨਣਾ ਪਾਇਆ। ਉਸ ਨੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਸਾਨੂੰ ਚੰਗੇ ਸਰੋਤੇ ਬਣਨਾ ਚਾਹੀਦਾ ਹੈ। ਉਨ੍ਹਾਂ ਨੇ ਕਈ ਸੰਬੰਧਿਤ ਵੀਡੀਓ ਵੀ ਦਿਖਾਏ। ਇਸ ਸੈਮੀਨਾਰ ਵਿਚ ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪ੍ਰਸ਼ਨ-ਉੱਤਰ ਸੈਸ਼ਨ ਵਿੱਚ ਆਪਣੀ ਉਤਸੁਕਤਾ ਪ੍ਰਗਟ ਕੀਤੀ। ਸੈਮੀਨਾਰ ਉਪਯੋਗੀ ਅਤੇ ਪ੍ਰੇਰਨਾਦਾਇਕ ਰਿਹਾ।

# ਐਨਐਚ 'ਤੇ ਗੈਰ-ਅਧਿਕਾਰਤ ਪਾਰਕਿੰਗ ਖ਼ਿਲਾਫ਼ ਸਖ਼ਤੀ, ਕਰੇਨ ਰਾਹੀਂ ਹਟਾਏ ਜਾਣਗੇ ਵਾਹਨ

**ਊਨਾ, 30 ਜੂਨ (ਪੈਗ਼ਾਮ-ਏ-ਜਗਤ)**

ਰਾਸ਼ਟਰੀ ਰਾਜਮਾਰਗਾਂ (ਐਨਐਚ) 'ਤੇ ਗੈਰ-ਅਧਿਕਾਰਤ ਤਰੀਕੇ ਨਾਲ ਵਾਹਨ ਖੜ੍ਹੇ ਕਰਨ ਵਾਲਿਆਂ ਖ਼ਿਲਾਫ਼ ਹੁਣ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਇਸ ਲਈ ਵਿਸਤ੍ਰਿਤ ਮਿਆਰੀ ਸੰਚਾਲਨ ਪ੍ਰਕਿਰਿਆ (ਐਸਓਪੀ) ਲਾਗੂ ਕਰ ਦਿੱਤੀ ਹੈ। ਇਸ ਤਹਿਤ ਪਹਿਲਾਂ ਵਾਹਨ ਮਾਲਕਾਂ ਨੂੰ ਸ਼ੁਰੂਆਤੀ ਨੋਟਿਸ ਜਾਰੀ ਕਰਕੇ ਵਾਹਨ ਹਟਾਉਣ ਦਾ ਮੌਕਾ ਦਿੱਤਾ ਜਾਵੇਗਾ। ਇਸ ਤੋਂ ਬਾਅਦ ਵੀ ਵਾਹਨ ਨਾ ਹਟਾਉਣ ਦੀ ਸੂਰਤ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੀ ਨਿਗਰਾਨੀ ਹੇਠ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਹ ਫੈਸਲਾ ਵੀਰਵਾਰ ਨੂੰ ਹੋਈ ਇੱਕ ਮੀਟਿੰਗ ਦੌਰਾਨ ਲਿਆ ਗਿਆ। ਇਹ ਫੈਸਲਾ ਸ਼ੁੱਕਰਵਾਰ ਨੂੰ ਹੋਣ ਵਾਲੀ ਜ਼ਿਲ੍ਹਾ ਵਿਕਾਸ ਕਮੇਟੀ ਦੀ ਮੀਟਿੰਗ ਵਿੱਚ ਵਿਚਾਰ ਕੀਤਾ ਜਾਣਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਅਪੂਰਵ ਦੇਵਗਨ ਨੇ ਦੱਸਿਆ ਕਿ ਐਸਓਪੀ ਤਹਿਤ ਉਪ-ਮੰਡਲ ਪੱਧਰ 'ਤੇ ਲਾਗੂਕਰਨ ਦਲ ਗਠਿਤ ਕੀਤੇ ਜਾਣਗੇ। ਇਨ੍ਹਾਂ ਵਿੱਚ ਸੰਬੰਧਿਤ ਐਸਡੀਐਮ ਚੇਅਰਮੇਨ, ਐਸਡੀਪੀਓ ਮੈਂਬਰ, ਐਨਐਚਏਆਈ ਪੀਆਈਯੂ ਹਮੀਰਪੁਰ ਦੇ ਪ੍ਰੋਜੈਕਟ ਡਾਇਰੈਕਟਰ ਜਾਂ ਉਨ੍ਹਾਂ ਦੇ ਨੁਮਾਇੰਦੇ ਮੈਂਬਰ, ਐਚਪੀਪੀਡਬਲਊਡੀ (ਐਨਐਚ) ਦੇ ਸੰਬੰਧਿਤ ਕਾਰਜਕਾਰੀ ਇੰਜੀਨੀਅਰ ਮੈ

# ਵਿਦਿਆਰਥੀ ਸਿਲੇਬਸ ਵਿੱਚ ਮਨੂੰ ਸਿਮਰਤੀ ਮੜ੍ਹਨ ਅਤੇ ਇਤਿਹਾਸ ਉਪਰ ਕੂਚੀ ਫੇਰਨ ਵਿਰੁੱਧ ਆਵਾਜ਼ ਉਠਾਉਣ ਦੀ ਲੋੜ : ਪਲਸ ਮੰਚ

ਪੈਗ਼ਾਮ-ਏ-ਜਗਤ
ਜਲੰਧਰ (ਸਤਨਾਮ ਸਿੰਘ ਸਹੁੰਗੜਾ)

ਪੰਜਾਬ ਲੋਕ ਸਭਿਆਚਾਰਕ ਮੰਚ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਲਿਖ਼ਤੀ ਪ੍ਰੈੱਸ ਬਿਆਨ 'ਚ ਕਿਹਾ ਹੈ ਕਿ ਐੱਨ.ਸੀ.ਈ.ਆਰ.ਟੀ.ਸੀ. ਵੱਲੋਂ ਸਮਾਜਿਕ ਵਿਗਿਆਨ ਦੀ ਕਿਤਾਬ ਵਿਚ ਮਨੂੰ ਸਿਮ?ਰਤੀ ਦੇ ਕੁਝ ਹਿੱਸੇ ਸ਼ਾਮਲ ਕਰਨ ਅਤੇ 9ਵੀਂ ਜਮਾਤ ਦੇ ਸਿਲੇਬਸ ਵਿੱਚੋਂ ਫਰਾਂਸ ਅਤੇ ਰੂਸੀ ਇਨਕਲਾਬ ਦੀ ਇਤਿਹਾਸਕਾਰੀ ਕੱਢ ਦੇਣ ਦਾ ਵਿਰੋਧ ਕਰਦਿਆਂ ਕਿਹਾ ਹੈ ਕਿ ਵਿਦਿਆਰਥੀਆਂ ਦਾ ਸਰਵ-ਪੱਖੀ ਵਿਕਾਸ ਕਰਨਾ ਸਾਡੀ ਸਿੱਖਿਆ ਦਾ ਮੰਤਵ ਹੋਣਾ ਚਾਹੀਦਾ ਹੈ।

ਇਸ ਲਈ ਇਤਿਹਾਸਕ, ਪ੍ਰਮਾਣਿਕ ਅਤੇ ਵਿਗਿਆਨਕ ਨਜ਼ਰੀਏ ਤੋਂ ਸਿਹਤਮੰਦ ਸਿਲੇਬਸ ਦਾ ਮੰਤਵ, ਸਾਡੀ ਅਜੋਕੀ ਅਤੇ ਆਉਣ ਵਾਲੀ ਪੀੜ੍ਹੀ ਨੂੰ ਭਵਿੱਖ ਦੇ ਮਾਰਗ ਦਰਸ਼ਕ ਅਤੇ ਉਸਰੰਦੀਏ ਬਣਾਉਣਾ ਹੁੰਦਾ ਹੈ। ਆਗੂਆਂ ਕਿਹਾ ਕਿ ਮਨੂੰ ਸਿਮ?ਰਤੀ ਸਾਂਝੀ ਅਤੇ ਮਾਣਮੱਤੀ ਇਤਿਹਾਸਕ ਵਿਰਾਸਤ ਦੀਆਂ ਜੜ੍ਹਾਂ ਵਿੱਚ ਤੇਲ ਦੇਣ ਦਾ ਕੰਮ ਕਰਦੀ ਹੈ।

ਸਮਾਜ ਦੇ ਸਭ ਤੋਂ ਵੱਧ ਸਤਿਕਾਰਤ ਮਜ਼ਦੂਰ ਹਿੱਸੇ ਨੂੰ ਆਰਥਿਕ ਸਮਾਜਿਕ, ਜਾਤ ਪਾਤੀ ਅਤੇ ਬੌਧਿਕ ਗ਼ੁਲਾਮੀ ਦੇ ਹਨੇਰੇ ਮੂਹ ਵਿਚ ਧੱਕਾ ਦਿੰਦੀ ਹੈ। ਇਉਂ ਹੀ 9ਵੀਂ ਜਮਾਤ ਦੇ ਸਿਲੇਬਸ ਵਿੱਚੋਂ ਫਰਾਂਸ ਅਤੇ ਰੂਸੀ ਇਨਕਲਾਬ ਨਾਲ ਸਬੰਧਿਤ ਸਿਲੇਬਸ ਹਟਾਉਣਾ, ਨਾਜ਼ੀਵਾਦ ਦੇ ਉਠਾਣ ਬਾਰੇ ਵੀ ਚੋਪਟਰ ਦਰ ਕਿਨਾਰ ਕਰ ਦੇਣ ਦਾ ਗੰਭੀਰ ਨੋਟਿਸ ਲੈਂਦਿਆਂ ਉਹਨਾਂ ਕਿਹਾ ਹੈ ਕਿ ਇਹ ਮੁਲਕ ਨੂੰ ਹਰ ਤਰ੍ਹਾਂ ਦੀ ਦੇਸੀ ਬਦੇਸ਼ੀ ਗ਼ੁਲਾਮੀ ਦੇ ਸੰਗਲਾਂ ਵਿਚ ਜਕੜ ਕੇ ਰੱਖਣ ਅਤੇ ਸਮਾਜਿਕ ਤਬਦੀਲੀ ਦਾ ਦੁਆਰ ਖੋਲ੍ਹਦੀ ਇਤਿਹਾਸਕ ਸੂਝ ਬੂਝ ਤੋਂ ਕੋਰੇ ਰੱਖਣ ਦੇ ਅਪਰਾਧਜਨਕ ਕਦਮ ਹਨ। ਸਮਾਜ ਨੂੰ ਪਿਛਲ-ਮੋਤਾ ਦੇਣ ਵਾਲਾ ਗੈਰ-ਵਿਗਿਆਨਕ ਸਿਲੇਬਸ ਵਿਦਿਆਰਥੀਆਂ ਸਿਰ ਮੜ੍ਹਨ ਅਤੇ ਲੋਕ-ਪੱਖੀ, ਸਮਾਜ-ਮੁਖੀ ਚੇਤਨਾ ਦਾ ਚਾਨਣ ਵੰਡਦੇ ਇਤਿਹਾਸ, ਸਮਾਜਿਕ ਵਿਗਿਆਨਕ ਸਿਲੇਬਸ ਵਿਦਿਆਰਥੀਆਂ ਦੀ ਨਜ਼ਰ ਤੋਂ ਓਹਲੇ ਰੱਖਣ ਅਸਲ ਵਿੱਚ ਵਿਦਿਆਰਥੀਆਂ ਦਾ ਭਵਿੱਖ ਹਨੇਰੇ ਖੂਹ ਵਿੱਚ ਸੁੱਟਣਾ ਹੈ ਤਾਂ ਜੋ ਸਮਾਜ ਅੰਦਰ ਮਜ਼ਬੂਤ ਜਕੜ ਬਣਾ ਰਹੀ ਹਾਕਮ ਜਮਾਤਾਂ ਪੱਖੀ ਘਸੀ ਪਿਟੀ ਲੋਕ ਦੋਖੀ ਸੋਚ ਨੂੰ ਲੋਕਾਂ ਉਪਰ ਮੜ੍ਹਨ ਦਾ ਰਾਹ ਮੋਕਲਾ ਕੀਤਾ ਜਾ ਸਕੇ।

ਪਲਸ ਮੰਚ ਆਗੂਆਂ ਕਿਹਾ ਕਿ ਪੰਜਾਬ ਹਕੂਮਤ ਕੋਰਟ ਦੀ ਭਾਜਪਾ ਹਕੂਮਤ ਤੋਂ ਵੀ ਦੋ ਕਦਮ ਅੱਗੇ ਜਾਂਦੇ ਹੋਏ ਕੇਜਰੀਵਾਲ ਸਿੱਸੋਦੀਆ ਦੇ ਇਸ਼ਾਰਿਆਂ ਤੇ ਚੌਲਦੀ ਪੰਜਾਬ ਆਮ ਆਦਮੀ ਹਕੂਮਤ ਜਿਵੇਂ ਵੱਡੀ ਪੱਧਰ ਤੇ ਧਾਰਮਿਕ ਸਥਾਨਾਂ, ਵੰਨ ਸੁਵੰਨੇ ਸਮਾਰਕਾਂ ਲਈ ਮ੍ਹਸ਼ਨਾਂ ਦੇ ਮੂਹ ਖੋਲ੍ਹਣ ਅਤੇ ਤੁਜਰਾਰ ਮੰਗਦੀ ਜੁਆਨੀ ਨੂੰ ਡਾਂਗਾਂ ਦੇ ਜ਼ੋਰ ਧਮੰਸ਼ ਕਰਨ, ਅੰਧ-ਵਿਸ਼ਵਾਸ ਅਤੇ ਧਾਰਮਿਕ ਕੱਟੜਵਾਦ ਦੀ ਪਹੁਲ ਪਿਲਾ ਕੇ ਲੋਕਾਂ ਦਾ ਧਿਆਨ ਉਹਨਾਂ ਦੇ ਅਸਲ ਜੀਵਨ ਮੁੱਦਿਆਂ ਤੋਂ ਪਾਸੇ ਕਰਨ ਲਈ ਜਾਦੂਗਰੀਆਂ ਕਰ ਰਹੀ ਹੈ। ਉਹਨਾਂ ਕਿਹਾ ਕਿ ਇਸਦਾ ਹਰ ਜਾਗਦੀ ਅੱਖ ਨੂੰ ਵਿਸ਼ੇਸ਼ ਕਰਕੇ ਵਿਦਿਆਰਥੀ, ਅਧਿਆਪਕ, ਬੌਧਿਕ ਵਰਗ , ਇਤਿਹਾਸਕਾਰਾਂ, ਸਾਹਿਤਕਾਰਾਂ, ਤਰਕਸ਼ੀਲਾਂ ਵਿਗਿਆਨਕ ਜਮਹੂਰੀ ਸਬੰਧਦੀਆਂ ਅਤੇ ਵਿਅਕਤੀਆਂ ਨੂੰ ਨੂੰ ਗੰਭੀਰ ਨੋਟਿਸ ਲੈਂਦੇ ਹੋਏ ਇਹ ਕਦਮ ਵਾਪਿਸ ਕਰਾਉਣ ਵਾਸਤੇ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

# ਅਧਿਆਪਕਾਂ ਤੇ ਕੀਤੇ ਲਾਠੀਚਾਰਜ ਦੀ ਵੱਖ-ਵੱਖ ਜਥੇਬੰਦੀਆਂ ਵੱਲੋਂ ਸਖਤ ਨਿਖੇਧੀ

## ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਮੰਨਣ ਦੀ ਅਪੀਲ

ਪੈਗ਼ਾਮ-ਏ-ਜਗਤ/ਗੜ੍ਹਸ਼ੰਕਰ
1 ਜੂਨ (ਹਰੀ ਕ੍ਰਿਸ਼ਨ ਗੰਗੜ)

ਗੜ੍ਹਸ਼ੰਕਰ ਇਲਾਕੇ ਦੀਆਂ ਵੱਖ ਵੱਖ ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਕੱਲ ਮੋਹਾਲੀ ਵਿਖੇ ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਦੀ ਅਗਵਾਈ ਵਿੱਚ ਆਪਣੀਆਂ ਜਾਇਜ ਮੰਗਾਂ ਲਈ ਇਕੱਤਰ ਹੋ ਕੇ ਮੁੱਖ ਮੰਤਰੀ ਦੇ ਘਰ ਚੰਡੀਗੜ੍ਹ ਵੱਲ ਮਾਰਚ ਕਰਦੇ ਅਧਿਆਪਕਾਂ 'ਤੇ ਕੀਤੇ ਤਸ਼ਦਦ ਦੀ ਸਖਤ ਨਿਖੇਧੀ ਕੀਤੀ ਹੈ।

ਪ੍ਰੇਸ ਨੂੰ ਬਿਆਨ ਜਾਰੀ ਕਰਦਿਆਂ ਵੱਖ ਵੱਖ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਹਰਮੇਸ਼ ਢੇਸੀ, ਕੁਲਵਿੰਦਰ ਸਿੰਘ ਚਾਹਲ, ਰਾਮਜੀਤ ਸਿੰਘ ਦੇਣਵਾਲ ਕਲਾਂ, ਸ਼ਮਸ਼ੇਰ ਸਿੰਘ ਚੱਕ ਸਿੰਘਾ ਪ੍ਰੋਫੇਸਰ ਕੁਲਵੰਤ ਸਿੰਘ ਗੋਲੇਵਾਲ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂਆਂ ਬਗੀਚਾ ਸਿੰਘ ਸਹੁੰਗੜਾ, ਪਰਮਜੀਤ ਸਿੰਘ ਚੌਹਣ ਅਤੇ ਡੈਮੋਕਰੇਟਿਕ ਪੈਨਸ਼ਨਰ ਫਰੰਟ ਪੰਜਾਬ ਦੇ ਆਗੂਆਂ ਬਲਵੀਰ ਧਾਨਪੁਰੀ ਅਤੇ ਹੰਸਰਾਜ ਗੜ੍ਹਸ਼ੰਕਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਅਧਿਆਪਕਾਂ ਦੀਆਂ ਅਤੇ ਹੋਰ ਵਰਗਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਤਾਨਾਸ਼ਾਹ ਰਵੱਈਆ ਅਪਣਾ ਕੇ ਸੰਘਰਸ਼ਾਂ ਨੂੰ ਕੁਚਲਣ ਦਾ ਰਾਹ ਅਪਣਾਇਆ ਹੋਇਆ ਹੈ ਜਿਸ ਨੂੰ ਪੰਜਾਬ ਦੀਆਂ ਸਮੂਹ ਜਥੇਬੰਦੀਆਂ ਕਦੇ ਵੀ ਬਰਦਾਸ਼ਤ ਨਹੀਂ ਕਰਨਗੀਆਂ ਉਹਨਾਂ ਮੰਗ ਕੀਤੀ ਕਿ ਮੁੱਖ ਮੰਤਰੀ ਪੰਜਾਬ ਸਰਕਾਰ ਗੱਲਬਾਤ ਦੇ ਮੇਜ ਤੇ ਆ ਕੇ ਜਥੇਬੰਦੀਆਂ ਨਾਲ ਬੈਠ ਕੇ ਮੀਟਿੰਗ ਕਰਕੇ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ ਦਾ ਨਿਪਟਾਰਾ ਕਰੇ। ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਆਪਣਾ ਰਵਈਆ ਨਾ ਬਦਲਿਆ ਤਾਂ ਜਥੇਬੰਦੀਆਂ ਅਧਿਆਪਕਾਂ ਦੇ ਸੰਘਰਸ਼ ਵਿੱਚ ਸ਼ਾਮਿਲ ਹੋਣਗੀਆਂ।

# ਰਾਸ਼ਟਰੀ ਡਾਕਟਰ ਦਿਵਸ ਮੌਕੇ ਸਿਵਲ ਸਰਜਨ ਵੱਲੋਂ ਸਮੂਹ ਡਾਕਟਰਾਂ ਅਤੇ ਸਿਹਤ ਕਰਮਚਾਰੀਆਂ ਨੂੰ ਵਧਾਈ ਤੇ ਸ਼ੁਭਕਾਮਨਾਵਾਂ

ਪੈਗ਼ਾਮ-ਏ-ਜਗਤ/ਹੁਸ਼ਿਆਰਪੁਰ
(ਸਤਨਾਮ ਸਿੰਘ ਸਹੁੰਗੜਾ)

1 ਜੁਲਾਈ ਨੂੰ ਮਨਾਏ ਜਾਣ ਵਾਲੇ ਰਾਸ਼ਟਰੀ ਡਾਕਟਰ ਦਿਵਸ ਦੇ ਮੌਕੇ 'ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਜ਼ਿਲ੍ਹੇ ਦੇ ਸਮੂਹ ਸਰਕਾਰੀ ਅਤੇ ਨਿੱਜੀ ਡਾਕਟਰਾਂ, ਪੈਰਾਮਾਂਕ ਅਫ਼ਸਰਾਂ, ਸੀਨੀਅਰ ਮੈਡੀਕਲ ਅਫ਼ਸਰਾਂ, ਮੈਡੀਕਲ ਅਫ਼ਸਰਾਂ, ਦੰਦਾਂ ਦੇ ਡਾਕਟਰਾਂ, ਮਾਹਿਰ ਡਾਕਟਰਾਂ, ਸਟਾਫ਼ ਨਰਸਾਂ, ਏ.ਐਨ.ਐਮ., ਮਲਟੀਪਰਪਜ਼ ਹੈਲਥ ਵਰਕਰਾਂ, ਕਮਿਊਨਿਟੀ ਹੈਲਥ ਅਫ਼ਸਰਾਂ, ਆਸ਼ਾ ਵਰਕਰਾਂ ਅਤੇ ਸਮੂਹ ਸਿਹਤ ਕਰਮਚਾਰੀਆਂ ਨੂੰ ਰਾਸ਼ਟਰੀ ਡਾਕਟਰ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨਾਲ ਜੁੜਿਆ ਹਰ ਕਰਮਚਾਰੀ ਲੋਕਾਂ ਦੀ ਸਿਹਤ ਸੁਰੱਖਿਆ ਦੀ ਲੜੀ ਦਾ ਅਹਿਮ ਹਿੱਸਾ ਹੈ ਅਤੇ ਸਾਰਿਆਂ ਦੇ ਸਾਂਝੇ ਯਤਨਾਂ ਸਦਕਾ ਹੀ ਲੋਕਾਂ ਨੂੰ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਕਿਹਾ ਕਿ ਡਾਕਟਰ ਸਮਾਜ ਦੀ ਸਿਹਤ ਦੀ ਰੱਖਿਆ ਕਰਨ ਵਾਲੇ ਅਸਲ ਕਰਮਯੋਗੀ ਹਨ, ਜੋ ਦਿਨ-ਰਾਤ ਆਪਣੇ ਫਰਜ਼ ਨੂੰ ਪੂਰੀ ਨਿਸ਼ਠਾ, ਸਮਰਪਣ ਅਤੇ ਮਨੁੱਖਤਾ ਦੀ ਭਾਵਨਾ ਨਾਲ ਨਿਭਾਉਂਦੇ ਹੋਏ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦੇਣ ਦਾ ਯਤਨ ਕਰਦੇ ਹਨ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤਾਂ, ਮਹਾਂਮਾਰੀਆਂ, ਕੁਦਰਤੀ ਆਫ਼ਤਾਂ ਅਤੇ ਹੋਰ ਸਿਹਤ ਸੰਕਟਾਂ ਦੌਰਾਨ ਡਾਕਟਰਾਂ ਅਤੇ ਸਮੂਹ ਸਿਹਤ ਕਰਮਚਾਰੀਆਂ ਵੱਲੋਂ ਨਿਭਾਈ ਗਈ ਨਿਸ਼ਕਾਮ ਸੇਵਾ ਹਮੇਸ਼ਾ ਸਮਾਜ ਲਈ ਪ੍ਰੇਰਣਾ ਦਾ ਸਰੋਤ ਰਹੀ ਹੈ। ਡਾਕਟਰੀ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਚਾ ਮਾਧਿਅਮ ਹੈ। ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਹਰ ਸਾਲ 1 ਜੁਲਾਈ ਨੂੰ ਰਾਸ਼ਟਰੀ ਡਾਕਟਰ ਦਿਵਸ ਦੇਸ਼ ਦੇ ਮਹਾਨ ਚਿਕਿਤਸਕ, ਅਧਿਆਪਕ, ਸਮਾਜ ਸੇਵੀ ਅਤੇ ਪੰਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਡਾ. ਬਿਧਾਨ ਚੰਦਰ ਰਾਏ ਦੀ ਜਨਮ ਅਤੇ ਪ੍ਰਲਾਣ ਤਿਥੀ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਹ ਦਿਨ ਡਾਕਟਰਾਂ ਦੀ ਨਿਸ਼ਕਾਮ ਸੇਵਾ, ਉਨ੍ਹਾਂ ਦੇ ਸਮਰਪਣ ਅਤੇ ਸਿਹਤ ਖੇਤਰ ਵਿੱਚ ਪਾਏ ਗਏ ਅਮੂਲੇ ਯੋਗਦਾਨ ਨੂੰ ਸਨਮਾਨ ਦੇਣ ਲਈ ਸਮਰਪਿਤ ਹੈ। ਸਿਵਲ ਸਰਜਨ ਨੇ ਕਿਹਾ ਕਿ ਸਿਹਤ ਵਿਭਾਗ ਦੀ ਸਫ਼ਲਤਾ ਕੇਵਲ ਡਾਕਟਰਾਂ ਦੇ ਯਤਨਾਂ ਨਾਲ ਹੀ ਨਹੀਂ, ਸਗੋਂ ਪੂਰੀ ਸਿਹਤ ਟੀਮ ਦੇ ਸਾਂਝੇ ਸਮਰਪਣ ਨਾਲ ਸੰਭਵ ਹੁੰਦੀ ਹੈ। ਪ੍ਰੋਗਰਾਮ ਅਫ਼ਸਰਾਂ, ਸੀਨੀਅਰ ਮੈਡੀਕਲ ਅਫ਼ਸਰਾਂ, ਮੈਡੀਕਲ ਅਫ਼ਸਰਾਂ, ਸਟਾਫ਼ ਨਰਸਾਂ, ਪੈਰਾਮੈਡੀਕਲ ਸਟਾਫ਼, ਏ.ਐਨ.ਐਮ., ਮਲਟੀਪਰਪਜ਼ ਹੈਲਥ ਵਰਕਰਾਂ, ਕਮਿਊਨਿਟੀ ਹੈਲਥ ਅਫ਼ਸਰਾਂ ਅਤੇ ਆਸ਼ਾ ਵਰਕਰਾਂ ਦੀ ਮਿਹਨਤ ਅਤੇ ਸੇਵਾ ਭਾਵਨਾ ਸਦਕਾ ਹੀ ਸਿਹਤ ਵਿਭਾਗ ਲੋਕਾਂ ਤੱਕ ਪ੍ਰਭਾਵਸ਼ਾਲੀ ਸੇਵਾਵਾਂ ਪਹੁੰਚਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਰ ਮਰੀਜ਼ ਨਾਲ ਹਮਦਰਦੀ, ਸੰਵੇਦਨਸ਼ੀਲਤਾ ਅਤੇ ਸਤਿਕਾਰ ਨਾਲ ਪੇਸ਼ ਆਉਣਾ ਸਿਹਤ ਸੇਵਾਵਾਂ ਦੀ ਮੂਲ ਭਾਵਨਾ ਹੈ ਅਤੇ ਹਰ ਸਿਹਤ ਕਰਮਚਾਰੀ ਨੂੰ ਇਸ ਪ੍ਰਤੀ ਹਮੇਸ਼ਾ ਵਚਨਬੱਧ ਰਹਿਣਾ ਚਾਹੀਦਾ ਹੈ।

# ਅੱਜ ਤੋਂ ਜ਼ਿਲ੍ਹੇ ਦੇ ਸੇਵਾ ਕੇਂਦਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰਹਿਣਗੇ ਖੁੱਲ੍ਹੇ : ਡਿਪਟੀ ਕਮਿਸ਼ਨਰ

- ਨਾਗਰਿਕਾਂ ਦੀ ਸਹੂਲਤ ਲਈ ਸਮੇਂ ਵਿੱਚ ਕੀਤਾ ਗਿਆ ਬਦਲਾਅ, ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ

ਪੈਗ਼ਾਮ-ਏ-ਜਗਤ
ਨਵਾਂਸ਼ਹਿਰ (ਸਤਨਾਮ ਸਿੰਘ ਸਹੁੰਗੜਾ)

ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜਾਣਕਾਰੀ ਦਿੱਤੀ ਕਿ 1 ਜੁਲਾਈ 2026 ਤੋਂ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰਾਂ ਦਾ ਸਮਾਂ ਬਦਲ ਕੇ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 1 ਜੁਲਾਈ 2026 ਤੋਂ ਸਰਕਾਰੀ ਦਫ਼ਤਰਾਂ ਦਾ ਸਮਾਂ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਨਾਗਰਿਕਾਂ ਦੀ ਸਹੂਲਤ ਅਤੇ ਜਨਤਕ ਸੇਵਾਵਾਂ ਨੂੰ ਹੋਰ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਇਹ ਫੈਸਲਾ ਲਿਆ ਗਿਆ ਹੈ। ਪਹਿਲਾਂ ਗਰਮੀ ਦੇ ਮੌਸਮ ਕਰਕੇ ਸੇਵਾ ਕੇਂਦਰ ਸਵੇਰੇ 7:30 ਵਜੇ ਤੋਂ ਬਾਅਦ ਦੁਪਹਿਰ 3:30 ਵਜੇ ਤੱਕ ਖੁੱਲ੍ਹਦੇ ਸਨ, ਪਰ ਹੁਣ ਨਵੇਂ ਸਮੇਂ ਅਨੁਸਾਰ ਇਹ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਖੁੱਲ੍ਹਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਵੇਂ ਸਮੇਂ ਅਨੁਸਾਰ ਸੇਵਾ ਕੇਂਦਰਾਂ ਵਿੱਚ ਜਨਮ-ਮੌਤ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਫਰਦ, ਵਿਆਹ ਰਜਿਸਟ੍ਰੇਸ਼ਨ ਅਤੇ ਹੋਰ ਸਾਰੀਆਂ ਸੇਵਾਵਾਂ ਉਪਲਬਧ ਰਹਿਣਗੀਆਂ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਵੇਂ ਸਮੇਂ ਦਾ ਧਿਆਨ ਰੱਖਦੇ ਹੋਏ ਸੇਵਾ ਕੇਂਦਰਾਂ ਦਾ ਦੌਰਾ ਕਰਨ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਸੇਵਾ ਕੇਂਦਰਾਂ ਦੇ ਸਟਾਫ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਨਾਗਰਿਕਾਂ ਨੂੰ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ।

# ਜੈ ਜਵਾਨ ਜੈ ਕਿਸਾਨ ਆਰਮੀ ਟ੍ਰੇਨਿੰਗ ਅਕਾਦਮੀ ਦੇ ਸਹਿਯੋਗ ਨਾਲ ਨੌਜਵਾਨਾਂ ਨੂੰ ਸਮਾਜ ਵਿੱਚ ਫੈਲੇ ਨਸ਼ੇ ਦੇ ਕੋਹੜ ਤੋਂ ਬਚਾਉਣ ਲਈ ਲੋਕਾਂ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੁਲਿਸ ਚੌਕੀ ਭੂੰਗਾ ਦੇ ਇੰਚਾਰਜ ਏਐਸਆਈ ਜਗਦੀਸ਼ ਕੁਮਾਰ ਵੱਲੋਂ ਜੈ ਜਵਾਨ ਜੈ ਕਿਸਾਨ ਆਰਮੀ ਟ੍ਰੇਨਿੰਗ ਅਕਾਦਮੀ ਦੇ ਸਹਿਯੋਗ ਨਾਲ ਨੌਜਵਾਨਾਂ ਨੂੰ ਸਮਾਜ ਵਿੱਚ ਫੈਲੇ ਨਸ਼ੇ ਦੇ ਕੋਹੜ ਤੋਂ ਬਚਾਉਣ ਲਈ ਅਕਾਦਮੀ ਦੇ ਵਿਸ਼ੇਸ਼ ਚੇਤੇ ਦੌਰਾਨ ਨੌਜਵਾਨਾਂ ਤੋਂ ਇਸ ਮੁਹਿਮ ਨੂੰ ਕਾਮਯਾਬ ਬਣਾਉਣ ਲਈ ਇਲਾਕੇ ਵਿਚ ਜਨਤਾ ਨੂੰ ਜਾਗਰੂਕ ਕਰਨ ਹਿੱਤ ਉਨ੍ਹਾਂ ਦੇ ਬਹੁਮੁੱਲੇ ਸਹਿਯੋਗ ਲਈ ਅਪੀਲ ਕੀਤੀ।

ਪੰਜਾਬੀਓ ਜਾਗੋ, ਨਸ਼ੇ ਨੂੰ ਤਿਆਗੋ " ਸਲੋਗਨ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਵੱਲੋਂ ਇਸ ਮੁਹਿਮ ਨੂੰ ਪਿੰਡ-ਪਿੰਡ ਤੱਕ ਪਹੁੰਚਾਉਣ ਲਈ ਇਹ ਵਿਸ਼ੇਸ਼ ਦੌਰਾ ਕੀਤਾ ਗਿਆ। ਜਿਸ ਦੌਰਾਨ ਉਨ੍ਹਾਂ ਨੇ ਅਕਾਦਮੀ ਦੇ ਕੋਚ ਨੀਰਜ ਡਡਵਾਲ ਵੱਲੋਂ ਨੌਜਵਾਨ ਤੇਰਵਾਲ ਵੱਲੋਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਅਤੇ ਸੰਭਾਲਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਦੇਖ ਕੇ ਉਨ੍ਹਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਹੋਰ ਵੱਧ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਜੇਕਰ ਪੂਰੇ ਇਲਾਕੇ ਵਿੱਚ ਵੱਖ-ਵੱਖ ਪਿੰਡਾਂ ਵਿੱਚ ਇਸ ਤਰ੍ਹਾਂ ਦੀ ਸਹੂਲਤ ਅਤੇ ਯਤਨ ਉਪਲਬਧ ਹੋਣ ਲੱਗ ਜਾਣ ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੇ ਨੌਜਵਾਨ ਇਨ੍

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਵੱਡਾ ਤੋਹਫ਼ਾ

# ਟ੍ਰੈਫਿਕ ਦੀ ਸਮੱਸਿਆ ਨੂੰ ਖ਼ਤਮ ਕਰਨ ਅਤੇ ਖੇਤਰੀ ਸੰਪਰਕ ਨੂੰ ਮਜ਼ਬੂਤ ਕਰਨ ਲਈ ਰੋਡ ਓਵਰ ਬ੍ਰਿਜ ਦਾ ਰੱਖਿਆ ਨੀਂਹ ਪੱਥਰ

- ਆਰ.ਓ.ਬੀ. ਪ੍ਰਾਜੈਕਟ ਅਕਤੂਬਰ 2027 ਤੱਕ ਹੋਵੇਗਾ ਮੁਕੰਮਲ; ਸੁਰੱਖਿਅਤ, ਤੇਜ਼ ਅਤੇ ਨਿਰਵਿਘਨ ਆਵਾਜਾਈ ਨੂੰ ਬਣਾਏਗਾ ਯਕੀਨੀ
- ਸਾਡੀ ਸਰਕਾਰ ਨੇ ਸਥਾਨਕ ਕਾਰੋਬਾਰਾਂ ਦੀ ਰੱਖਿਆ ਅਤੇ ਸ਼ਹਿਰ ਦੀ ਏਕਤਾ ਬਣਾਈ ਰੱਖਣ ਲਈ ਹੇਠਲਾ ਰੇਲਵੇ ਕਰਾਸਿੰਗ ਖੁੱਲ੍ਹਾ ਰੱਖਣਾ ਯਕੀਨੀ ਬਣਾਇਆ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਧੂਰੀ (ਸੰਗਰੂਰ), 30 ਜੂਨ**
**(ਪੈਗ਼ਾਮ-ਏ-ਜਗਤ)**

ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਦੁਹਰਾਉਂਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 54.76 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਰੋਡ ਓਵਰ ਬ੍ਰਿਜ ਦਾ ਨੀਂਹ ਪੱਥਰ ਰੱਖਿਆ, ਜੋ ਟ੍ਰੈਫਿਕ ਜਾਮ ਦੀ ਸਮੱਸਿਆ ਨੂੰ ਸਥਾਈ ਤੌਰ ਤੇ ਖ਼ਤਮ ਕਰੇਗਾ, ਖੇਤਰੀ ਸੰਪਰਕ ਨੂੰ ਮਜ਼ਬੂਤ ਕਰੇਗਾ ਅਤੇ ਇਲਾਕੇ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਗਤੀ ਦਾ ਨਵਾਂ ਆਯਾਮ ਦੇਵੇਗਾ। ਆਪਣੇ ਦੌਰੇ ਦੌਰਾਨ ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪਹਿਲੀ ਜੁਲਾਈ ਤੋਂ ਧੂਰੀ ਤੋਂ 'ਮੇਰਾਂ-ਧੀਆਂ ਸ਼ਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਨੇ ਸੂਬੇ ਵਿੱਚ ਬਿਜਲੀ ਦੀ ਸਿਖਰ ਮੰਗ ਦੇ ਸਫ਼ਲ ਪ੍ਰਬੰਧਨ ਦਾ ਜਾਇਜ਼ਾ ਲਿਆ, ਧੂਰੀ ਅਤੇ ਸੰਗਰੂਰ ਵਿਖੇ ਖੇਲਾਂ ਨੂੰ ਪ੍ਰਮੁੱਖ ਵਿਕਾਸ ਕਾਰਜਾਂ ਦਾ ਜ਼ਿਕਰ ਕੀਤਾ ਅਤੇ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਲਈ ਸਰਵਉੱਚ ਹਨ।

ਨੀਂਹ ਪੱਥਰ ਰੱਖਣ ਦੀ ਰਸਮ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਧੂਰੀ ਸਬ-ਡਿਵੀਜ਼ਨ ਵਿੱਚ ਰਾਜਪੂਰਾ-ਬਠਿੰਡਾ ਰੇਲਵੇ ਲਾਈਨ 'ਤੇ ਲੈਵਲ ਕਰਾਸਿੰਗ ਨੰਬਰ 62-ਏ ਦੇ ਨਾਲ ਲੱਗਦੀ ਸ਼ੋਰੋਂ ਡਿਸਟ੍ਰੀਬਿਊਟਰੀ (ਸੂਏ) ਦੇ ਉਪਰ ਫੁੱਟਪਾਥ ਸਮੇਤ ਇੱਕ ਆਧੁਨਿਕ ਟੂ-ਲੇਨ ਰੋਡ ਓਵਰ ਬ੍ਰਿਜ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਪੇਸਾਬ ਇਨਫਰਾਸਟ੍ਰਕਚਰ ਡਿਵੈਲਪਮੈਂਟ ਬੋਰਡ (ਪੀ.ਆਈ.ਡੀ.ਬੀ.) ਦੇ ਫੰਡਾਂ ਨਾਲ ਇਸ ਪ੍ਰਾਜੈਕਟ ਨੂੰ 54.76 ਕਰੋੜ ਰੁਪਏ ਦੀ ਲਾਗਤ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ।

ਪ੍ਰਾਜੈਕਟ ਦੇ ਕੰਮ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰੇਲਵੇ, ਵਣ ਵਿਭਾਗ, ਬੀ.ਐਮ.ਐਨ.ਐਲ., ਪੀ.ਐਸ.ਪੀ.ਸੀ.ਐਲ. ਅਤੇ ਹੋਰ ਸਬੰਧਤ ਵਿਭਾਗਾਂ ਤੋਂ ਸਾਰੀਆਂ ਲੋੜੀਂਦੀਆਂ ਐਨ.ਓ.ਸੀ. ਅਤੇ ਮਨਜ਼ੂਰੀਆਂ ਪਹਿਲਾਂ ਹੀ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ। ਅਸੀਂ ਇਸ ਪ੍ਰਾਜੈਕਟ ਨੂੰ 18 ਮਹੀਨਿਆਂ ਦੇ ਅੰਦਰ, ਯਾਨੀ ਅਕਤੂਬਰ 2027 ਤੱਕ ਮੁਕੰਮਲ ਕਰਨ ਲਈ ਵਚਨਬੱਧ ਹਾਂ।

ਇਸ ਪ੍ਰਾਜੈਕਟ ਦੇ ਪ੍ਰਭਾਵ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਰੋਡ ਓਵਰ ਬ੍ਰਿਜ ਧੂਰੀ ਅਤੇ ਆਸ-ਪਾਸ ਦੇ

ਇਲਾਕਿਆਂ ਵਿੱਚ ਟ੍ਰੈਫਿਕ ਦੀ ਸਮੱਸਿਆ ਤੋਂ ਵੱਡੀ ਰਾਹਤ ਪ੍ਰਦਾਨ ਕਰੇਗਾ। ਇਹ ਇਲਾਕੇ ਦੇ ਟਰਾਂਸਪੋਰਟ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਇਸ ਦੇ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਤੇਜ਼ ਕਰਨ ਦੇ ਨਾਲ-ਨਾਲ ਸੁਰੱਖਿਅਤ, ਨਿਰਵਿਘਨ ਅਤੇ ਤੇਜ਼ ਆਵਾਜਾਈ ਯਕੀਨੀ ਬਣਾਏਗਾ।

ਇਸ ਨੂੰ ਹਲਕੇ ਲਈ ਇਤਿਹਾਸਕ ਦਿਨ ਕਰਾਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਧੂਰੀ ਵਿਧਾਨ ਸਭਾ ਹਲਕੇ ਦੇ ਇਤਿਹਾਸ ਵਿਚ ਇੱਕ ਸੁਨਹਿਰੀ ਦਿਨ ਹੈ ਕਿਉਂਕਿ ਇੱਥੋਂ ਦੇ ਨਿਵਾਸੀਆਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਆਖਰਕਾਰ ਪੂਰੀ ਹੋ ਗਈ ਹੈ।

ਸੰਤੁਲਿਤ ਵਿਕਾਸ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਸਰਕਾਰ ਨੇ ਇਸ ਪ੍ਰਾਜੈਕਟ ਲਈ ਪੂਰੀ ਫੰਡਿੰਗ ਆਪਣੇ ਸਰੋਤਾਂ ਤੋਂ ਕੀਤੀ ਹੈ ਤਾਂ ਜੋ ਹੇਠਲਾ ਰੇਲਵੇ ਕਰਾਸਿੰਗ ਖੁੱਲ੍ਹਾ ਰਹੇ, ਜਿਸ ਨਾਲ ਸਥਾਨਕ ਕਾਰੋਬਾਰ ਸੁਰੱਖਿਅਤ ਰਹਿਣਗੇ ਅਤੇ ਸ਼ਹਿਰ ਦੀ ਇੱਸਿਆਂ ਵਿੱਚ ਨਹੀਂ ਵੰਡਿਆ ਜਾਵੇਗਾ। ਲੋਕਾਂ ਦੀ ਸਹੂਲਤ ਲਈ ਇੱਕ ਚੱਲਦੀ ਨਹਿਰ ਅਤੇ ਰੇਲਵੇ ਲਾਈਨ ਦੇ ਉੱਪਰ ਬਣਾਇਆ ਜਾ ਰਿਹਾ ਇਹ ਪੁਲ ਇੰਜਨੀਅਰਿੰਗ ਦਾ ਇੱਕ ਬੇਮਿਸਾਲ ਨਮੂਨਾ ਹੈ।

ਧੂਰੀ ਵਿੱਚ ਕੀਤੇ ਗਏ ਹੋਰ ਵਿਕਾਸ ਕਾਰਜਾਂ ਦੀ ਸੂਚੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਨੂੰ ਮਿਆਰੀ ਕਿਤਾਬਾਂ ਮੁਹੱਈਆ ਕਰਵਾਉਣ ਲਈ ਧੂਰੀ ਵਿੱਚ ਪਹਿਲਾਂ ਹੀ ਇੱਕ ਆਧੁਨਿਕ ਪਬਲਿਕ ਲਾਇਬ੍ਰੇਰੀ ਸਥਾਪਤ ਕੀਤੀ ਜਾ ਚੁੱਕੀ ਹੈ। ਅਸੀਂ ਸਥਾਨਕ ਸੁਏਟ ਨੂੰ ਵੀ ਢੱਕ ਕਰ ਦਿੱਤਾ ਹੈ, ਜਿਸ ਨੂੰ ਹੁਣ ਲੋਕਾਂ ਦੇ ਇਕੱਠੇ ਹੋਣ ਲਈ ਇੱਕ ਸ਼ਾਨਦਾਰ ਕਮਿਊਨਿਟੀ ਸਪੇਸ ਵਿੱਚ ਬਦਲਿਆ ਗਿਆ ਹੈ। ਇਸ ਮੌਕੇ ਮੁੱਖ ਮੰਤਰੀ ਨੇ ਨਗਰ ਕੌਂਸਲ ਚੋਣਾਂ ਵਿੱਚ 21 ਵਿੱਚੋਂ 19 ਕੌਂਸਲਰ ਜਿਤਾ ਕੇ ਸ਼ਾਨਦਾਰ ਜਿੱਤ ਦਿਵਾਉਣ ਲਈ ਧੂਰੀ ਦੇ ਨਿਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਅੱਗੇ ਕਿਹਾ, "ਨਗਰ ਕੌਂਸਲ ਦੇ ਨਵੇਂ ਪ੍ਰਧਾਨ ਦੀ ਨਿਯੁਕਤੀ ਜਲਦੀ ਹੀ ਕੀਤੀ ਜਾਵੇਗੀ।

ਦਿਨ ਵੇਲੇ ਹੋਏ ਪਿਛਲੇ ਪ੍ਰੋਗਰਾਮਾਂ ਦਾ ਜ਼ਿਕਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਭਵਿੱਖ ਦੀਆਂ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਸੰਗਰੂਰ ਦੇ ਵਾਰ ਹੀਰੋਜ਼ ਸਟੇਡੀਅਮ ਵਿੱਚ ਓਲੰਪਿਕ ਪੱਧਰ ਦੇ ਵਿਸ਼ਵ ਪੱਧਰੀ ਸਵੀਮਿੰਗ ਪੂਲ ਦਾ ਉਦਘਾਟਨ ਕੀਤਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ, "ਅੱਜ ਮੈਂ ਸੰਗਰੂਰ ਤੋਂ 50 ਐਲ.ਈ.ਡੀ. ਡਾਕੂਮੈਂਟਰੀ ਵਾਹਨਾਂ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਹੈ। ਇਹ ਵਾਹਨ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਤਾਵੇਜ਼ੀ ਫ਼ਿਲਮਾਂ (ਡਾਕੂਮੈਂਟਰੀਆਂ) ਦਿਖਾਉਣ ਲਈ ਪੰਜਾਬ ਦੇ ਸਾਰੇ 13,000 ਪਿੰਡਾਂ ਦਾ ਦੌਰਾ ਕਰਨਗੇ। ਅੰਤਰਾਂ ਲਈ ਵੱਡਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਲਕੇ ਪਹਿਲੀ ਜੁਲਾਈ ਤੋਂ 'ਮੇਰਾਂ-ਧੀਆਂ ਸ਼ਤਿਕਾਰ ਯੋਜਨਾ' ਦੀ ਸ਼ੁਰੂਆਤ ਧੂਰੀ ਤੋਂ ਹੀ ਹੋਵੇਗੀ। ਇਸ ਸਕੀਮ ਤਹਿਤ ਹਰ ਯੋਗ ਲਾਭਪਾਤਰੀ ਅੰਤਰ ਨੂੰ 1,000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਅੰਤਰਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਇਹ ਰਾਸ਼ੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾਵੇਗੀ ਅਤੇ ਜੋ ਅੰਤਰਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨਾਂ ਪ੍ਰਾਪਤ ਕਰ ਰਹੀਆਂ ਹਨ, ਉਹ ਵੀ ਇਸ ਲਈ ਯੋਗ ਰਹਿਣਗੀਆਂ।

# ਪਿੰਡ ਨੱਤ ਵਿਖੇ 'ਲੋਕ ਮਿਲਣੀ' ਦੌਰਾਨ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

- ਕਿਹਾ, ਲੋਕਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵਚਨਬੱਧ
- ਹਰ ਨਾਗਰਿਕ ਤੱਕ ਸਰਕਾਰ ਦੀ ਪਹੁੰਚ ਯਕੀਨੀ ਬਣਾ ਰਹੇ ਹਨ 'ਲੋਕ ਮਿਲਣੀ' ਪ੍ਰੋਗਰਾਮ: ਦਲਵੀਰ ਸਿੰਘ ਢਿੱਲੋਂ

**ਧੂਰੀ, 30 ਜੂਨ**
**(ਪੈਗ਼ਾਮ-ਏ-ਜਗਤ)**

ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਨੱਤ ਵਿਖੇ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮ ਵਿੱਚ ਸ਼ਿਰਕਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣ ਲਈ ਇਹ ਨਿਵੇਕਲਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮ ਲੋਕਾਂ ਅਤੇ ਸਰਕਾਰ ਵਿਚਕਾਰ ਸਿੱਧਾ ਸੰਪਰਕ ਸਥਾਪਤ ਕਰਨ ਦੇ ਨਾਲ-ਨਾਲ ਜਨਤਕ ਮਸਲਿਆਂ ਦੇ ਤੁਰੰਤ ਹੱਲ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ

ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਦੌਰਾਨ ਲੋਕ ਬਿਨਾਂ ਕਿਸੇ ਝਿਜਕ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਸਰਕਾਰ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਂਦੇ ਹਨ। ਉਨ੍ਹਾਂ ਦੱਸਿਆ ਕਿ ਮੌਕੇ 'ਤੇ ਹੀ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਕੇ ਸ਼ਿਕਾਇਤਾਂ ਦੇ ਸਲਦ ਨਿਪਟਾਰੇ ਨੂੰ ਯਕੀਨੀ ਬਣਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਹਰ ਪੱਧਰ 'ਤੇ ਰਾਹਤ ਦੇਣ ਅਤੇ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਤੱਕ ਸਿੱਧੇ ਤੌਰ 'ਤੇ ਪਹੁੰਚਾ ਕੇ ਕਰਵਾਉਣ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਪ੍ਰਧਾਨ ਜਗਸੀਰ ਸਿੰਘ ਲੱਡਾ, ਸਰਪੰਚ ਰਾਮ ਜੀ ਸਿੰਘ, ਨਰਿੰਦਰ ਸਿੰਘ ਕਾਂਝਲੀ, ਗਗਨ ਲੱਡਾ (ਸੀਸਵਾਪਕ ਮੈਂਬਰ) ਅਤੇ ਸਮੂਹ ਪੰਚਾਇਤ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਵਟ ਪੂਰਨੀਮਾ ਜੇਠ ਪੁਰਨੀਮਾ ਦੇ ਮੌਕੇ ਤੇ 21ਛਾਂ ਵਾਲੇ ਅਤੇ ਫੁੱਲਾਂ ਵਾਲੇ ਪੌਦੇ ਲਗਾਏ ਗਏ ਅਤੇ ਲੰਗਰ ਕੀਤਾ ਗਿਆ

**ਪਟਿਆਲਾ, 30 ਜੂਨ**
**(ਪੈਗ਼ਾਮ-ਏ-ਜਗਤ)**

ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਸਿ: ਵੱਲੋਂ ਅਤੇ ਭਗਤਾਂ ਦੇ ਸਹਿਯੋਗ ਨਾਲ ਵਟ ਪੂਰਨੀਮਾ, ਜੇਠ ਪੂਰਨੀਮਾ ਅਤੇ ਕਬੀਰ ਦਾਸ ਜਯੰਤੀ ਮੌਕੇ ਸਵੇਰੇ 11.00 ਦੁੱਧ ਵਾਲੀ ਛਬੀਲ ਅਤੇ ਦਾਲ ਮੰਘਣੈ, ਚਾਵਲ ਦਾ ਲੰਗਰ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਦੇ ਕੋਲ ਪ੍ਰਸਾਦ ਲਗਾ ਕੇ ਅਤੂਟ ਵਰਤਾਇਆ ਗਿਆ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਭੇਜਿਆ ਗਿਆ। ਸ਼ਾਮ ਨੂੰ 5:30 ਵਜੇ ਖੀਰ ਦਾ ਲੰਗਰ ਪ੍ਰਸ਼ਾਦ ਲਗਾਕੇ ਕੇ ਮੰਦਿਰ ਵਿੱਚ ਅਤੂੱਟ ਵਰਤਿਆ ਗਿਆ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਭੇਜਿਆ ਗਿਆ। ਛਬੀਲ ਦੀ ਸੇਵਾ



ਸੁਖਵਿੰਦਰ ਸਿੰਘ ਸਬਜੀ ਵਾਲੇ, ਚੇਰ ਵਲੋਂ ਕੀਤੀ ਗਈ ਅਤੇ ਖੀਰ ਦੀ ਸੇਵਾ ਸ਼ੀਸ਼ ਪਾਲ ਮਿੱਤਲ ਐਸ.ਐਸ.ਟੀ. ਨਗਰ ਵਲੋਂ ਕੀਤੀ ਗਈ। ਧਾਸ ਕਰਕੇ ਪੁਰਨਮਾਸ਼ੀ ਮੌਕੇ ਸ੍ਰੀ ਵਿਸ਼ਨੂੰ ਲਸ਼ਮੀ ਜੀ ਦੀ ਅਰਾਧਨਾ ਕੀਤੀ ਜਾਂਦੀ ਹੈ। ਪਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਵਿੱਚ ਪਹਿਲਾਂ ਵਿਸ਼ਨੂੰ ਲਕਸ਼ਮੀ ਜੀ ਦੀ ਪ੍ਰਤੀਮਾ ਨਹੀਂ ਸੀ। ਇਸ ਸਾਲ ਭਗਤਾਂ ਦੇ ਸਹਿਯੋਗ ਨਾਲ ਇਸ ਦੀ ਸਥਾਪਨਾ ਹੋਈ ਹੈ। ਲੋਕ ਮੰਦਿਰ ਵਿੱਚ ਜਾ ਕੇ ਨਤਮਸਤਕ ਹੁੰਦੇ ਹਨ। ਲੰਗਰ ਸੁਧਾਰ ਸਭਾ ਦੇ ਮੈਂਬਰਾਂ ਨੇ ਬਣਾਵਾਇਆ ਅਤੇ ਵਰਤਾਇਆ ਅਤੇ ਸੁਧਾਰ ਸਭਾ ਦੇ ਮੈਂਬਰ ਹੀ ਵਰਤਾਉਣ ਵਾਸਤੇ ਰਜਿੰਦਰਾ ਹਸਪਤਾਲ ਵਿਖੇ ਲੈ ਕੇ ਗਏ ਸ਼ਾਮ ਨੂੰ 5:00 ਵਜੇ ਸੁਧਾਰ ਸਭਾ ਦੇ ਮੈਂਬਰਾਂ ਵਲੋਂ 21 ਪੌਦੇ ਛਾਂ-ਫੁੱਲਾਂ ਵਾਲੇ ਬੀਰ ਜੀ ਦੀਆਂ ਮੜੀਆਂ ਦੇ ਕੋਲ ਸ਼ਿਵ ਜੀ ਦੀ ਮੂਰਤੀ ਦੇ ਬਾਹਰ ਲਗਾਏ ਗਏ ਅਤੇ ਇਨਾਂ ਨਾਲ ਟਰੀ ਗਾਰਡ ਵੀ ਲਗਾਏ ਗਏ। ਇਸ ਦੀ ਸਾਂਭ ਸੰਭਾਲ ਵੀ ਜਿੰਮੇਵਾਰੀ ਸਤਨਾਮ ਹਸੀਜਾ ਸੰਥਾਪਕ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਵਲੋਂ ਲਈ ਗਈ। ਪਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਵਿੱਚ ਲੰਗਰ ਦੀ ਸੇਵਾ ਅਤੇ ਛਬੀਲ ਦੇ ਭੰਡਾਰੇ ਨਾਲ ਅਤੇ ਸ਼ਾਮ ਨੂੰ ਕੀਰਤਨ ਹੋਣ ਕਰਕੇ ਭਗਤਾਂ ਦਾ ਆਉਣਾ ਜਾਣਾ ਕਾਫੀ ਵੱਧ ਗਿਆ ਹੈ।

ਇਹ ਗੰਲ ਸੇਵਾ ਮੁਕਤ ਪੰਡਿਤ ਅਸ਼ਵਨੀ ਜੀ ਨੇ ਆਖੀ ਕਿ ਪਹਿਲਾਂ ਹੀ ਇਸ ਮੰਦਿਰ ਦੀ ਆਸਥਾ ਮੰਦਿਰ ਵਿੱਚ ਬਹੁਤ ਸੀ ਜਿਸ ਨੂੰ ਇਸ ਮੰਦਿਰ ਬਾਰੇ ਪਤਾ ਨਹੀਂ ਸੀ ਉਹ ਵੀ ਹੁਣ ਇਸ ਮੰਦਿਰ ਵਿੱਚ ਆ ਕੇ ਮੰਦਿਰ ਦੀ ਜਗਮਗ ਦੇਖ ਦੇ ਦਰਸ਼ਨ ਕਰਨ ਆਉਂਦੇ ਹਨ।

# ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਤੇਜ਼ ਕਰਨ ਅਤੇ ਸੜਕ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਬਣਾਉਣ 'ਤੇ ਜ਼ੋਰ

**ਊਨਾ, 30 ਜੂਨ**
**(ਪੈਗ਼ਾਮ-ਏ-ਜਗਤ)**

ਵਧੀਕ ਡਿਪਟੀ ਕਮਿਸ਼ਨਰ ਮਹਿਦਰ ਪਾਲ ਗੁਰਸਰ ਨੇ ਨਸ਼ੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਸੜਕ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਸਮੇਂ-ਬੱਧ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਅਤੇ ਸੜਕ ਸੁਰੱਖਿਆ ਦੋਵੇਂ ਹੀ ਜਨਹਿੱਤ ਨਾਲ ਜੁੜੇ ਮਹੱਤਵਪੂਰਨ ਵਿਸ਼ੇ ਹਨ, ਜਿਨ੍ਹਾਂ ਲਈ ਸਾਰੇ

# ਸੀਨੀਅਰ ਐਡਵੋਕੇਟ ਦਾਦਰਾ ਜੀ ਨੇ 'ਅਪਣਾ ਘਰ ਆਸ਼ਰਮ' ਬੁਜ਼ੁਰਗ ਸੇਵਾ ਪ੍ਰੋਜੈਕਟ ਦੀ ਪ੍ਰਗਤੀ ਬਾਰੇ ਦਿੱਤੀ ਜਾਣਕਾਰੀ

ਪੈਗਾਮ-ਏ-ਜਗਤ/ਹੁਸ਼ਿਆਰਪੁਰ
(ਦਲਜੀਤ ਅਜਨੋਹਾ)

ਸੀਨੀਅਰ ਪੱਤਰਕਾਰ ਦਲਜੀਤ ਅਜਨੋਹਾ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਸੀਨੀਅਰ ਐਡਵੋਕੇਟ ਦਾਦਰਾ ਜੀ ਨੇ ਦਾਦਰਾ ਫੋਰਮ, ਅਲਾਹਾਬਾਦ (ਹੁਸ਼ਿਆਰਪੁਰ) ਵਿਖੇ ਚੱਲ ਰਹੇ ਸਮਾਜ ਸੇਵਾ ਪ੍ਰੋਜੈਕਟ 'ਅਪਣਾ ਘਰ ਆਸ਼ਰਮ' ਦੀ ਪ੍ਰਗਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ ਉਨ੍ਹਾਂ ਬੇਸਹਾਰਾ, ਲੋੜਵੰਦ ਅਤੇ ਪਰਿਵਾਰਕ ਸਹਾਰੇ ਤੋਂ ਵਾਂਝੇ ਬਜ਼ੁਰਗਾਂ ਨੂੰ ਰਿਹਾਇਸ਼, ਭੋਜਨ, ਸਿਹਤ ਸੇਵਾਵਾਂ ਅਤੇ ਸਨਮਾਨ ਭਰਿਆ ਜੀਵਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤਾ ਗਿਆ ਹੈ।

ਸੀਨੀਅਰ ਐਡਵੋਕੇਟ ਦਾਦਰਾ ਜੀ ਨੇ ਦੱਸਿਆ ਕਿ ਅਪਣਾ ਘਰ ਆਸ਼ਰਮ ਪ੍ਰੋਜੈਕਟ ਦੀ ਸ਼ੁਰੂਆਤ ਸਾਲ 2018 ਵਿੱਚ ਕੀਤੀ ਗਈ ਸੀ। ਸਾਲ 2026 ਤੱਕ ਇਸ ਪ੍ਰੋਜੈਕਟ ਦਾ ਲਗਭਗ ਅੱਧਾ ਨਿਰਮਾਣ ਕਾਰਜ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਆਸ਼ਰਮ ਨੂੰ ਤਿੰਨ ਮੰਜ਼ਿਲਾ ਇਮਾਰਤ ਵਜੋਂ ਤਿਆਰ ਕੀਤਾ ਜਾ ਰਿਹਾ ਹੈ। ਫ਼ੁਤਲ 'ਤੇ ਕਰੀਬ 35 ਬਜ਼ੁਰਗਾਂ ਦੇ ਰਹਿਣ ਦੀ ਵਿਵਸਥਾ ਹੋਵੇਗੀ, ਜਦਕਿ ਪਹਿਲੀ ਅਤੇ ਦੂਜੀ ਮੰਜ਼ਿਲ 'ਤੇ 65 ਤੋਂ 70-70 ਬਜ਼ੁਰਗਾਂ ਨੂੰ ਰਹਿਣ ਦੀ ਸਹੂਲਤ ਉਪਲਬਧ ਕਰਵਾਈ ਜਾਵੇਗੀ। ਪ੍ਰੋਜੈਕਟ ਦੇ ਮੁਕੰਮਲ ਹੋਣ ਉਪਰੰਤ ਵੱਡੀ ਗਿਣਤੀ ਵਿੱਚ ਲੋੜਵੰਦ ਬਜ਼ੁਰਗਾਂ ਨੂੰ ਸੁਰੱਖਿਅਤ ਅਤੇ ਆਰਾਮਦਾਇਕ ਆਸਰਾ ਮਿਲ ਸਕੇਗਾ। ਦਾਦਰਾ ਜੀ ਨੇ ਕਿਹਾ ਕਿ ਆਸ਼ਰਮ ਵਿੱਚ ਰਹਿਣ ਵਾਲੇ ਬਜ਼ੁਰਗਾਂ ਨੂੰ ਮੁਫ਼ਤ ਰਿਹਾਇਸ਼, ਪੋਸ਼ਟਿਕ ਭੋਜਨ, ਨਿਯਮਿਤ ਸਿਹਤ ਜਾਂਚ ਅਤੇ ਪਰਿਵਾਰ ਵਰਗਾ ਪਿਆਰ ਭਰਿਆ ਮਾਹੌਲ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਪੂਰਾ ਕਰਨ ਲਈ ਲਗਭਗ 4 ਕਰੋੜ ਰੁਪਏ ਦੀ ਲਾਗਤ ਆਉਣ ਦਾ ਅਨੁਮਾਨ ਹੈ। ਉਨ੍ਹਾਂ ਕਿਹਾ ਕਿ ਇਹ ਪੂਰਾ ਪ੍ਰੋਜੈਕਟ ਸਮਾਜ ਸੇਵੀਆਂ, ਦਾਨੀ ਸੱਜਣਾਂ, ਸੁਭਚਿੰਤਕਾਂ ਅਤੇ ਦੋਸਤਾਂ ਦੇ ਸਹਿਯੋਗ ਨਾਲ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਇਸ ਨੇਕ ਕਾਰਜ ਵਿੱਚ ਆਪਣਾ ਯੋਗਦਾਨ ਪਾ ਕੇ ਇਸ ਪ੍ਰੋਜੈਕਟ ਨੂੰ ਜਲਦ ਤੋਂ ਜਲਦ ਮੁਕੰਮਲ ਕਰਵਾਉਣ ਵਿੱਚ ਸਹਿਯੋਗ ਦੇਣ, ਤਾਂ ਜੋ ਵੱਧ ਤੋਂ ਵੱਧ ਲੋੜਵੰਦ ਬਜ਼ੁਰਗਾਂ ਦੀ ਸੇਵਾ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਜੋ ਵੀ ਵਿਅਕਤੀ ਅਪਣਾ ਘਰ ਆਸ਼ਰਮ ਪ੍ਰੋਜੈਕਟ ਵਿੱਚ ਆਰਥਿਕ ਜਾਂ ਹੋਰ ਕਿਸੇ ਵੀ ਤਰ੍ਹਾਂ ਦਾ ਸਹਿਯੋਗ ਦੇਣਾ ਚਾਹੁੰਦਾ ਹੈ, ਉਹ ਸੀਨੀਅਰ ਐਡਵੋਕੇਟ ਦਾਦਰਾ ਜੀ ਨਾਲ 94172-72282 'ਤੇ ਸੰਪਰਕ ਕਰ ਸਕਦਾ ਹੈ। ਇਸ ਮੌਕੇ ਦਾਦਰਾ ਜੀ ਨੇ ਕਿਹਾ ਕਿ ਬਜ਼ੁਰਗਾਂ ਦੀ ਸੇਵਾ ਸਭ ਤੋਂ ਵੱਡੀ ਮਨੁੱਖੀ ਸੇਵਾ ਹੈ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਸਮਾਜ ਇਸ ਮਨੁੱਖਤਾ ਭਰੇ ਮਿਸ਼ਨ ਨੂੰ ਅੱਗੇ ਵੀ ਆਪਣਾ ਭਰਪੂਰ ਸਹਿਯੋਗ ਦਿੰਦਾ ਰਹੇਗਾ।

# ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਛੇਵੇਂ ਪਾਤਿਸ਼ਾਹ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੁਰਵਕ ਮਨਾਇਆ ਗਿਆ

ਐੱਸ.ਏ.ਐੱਸ ਨਗਰ
(ਪੈਗਾਮ-ਏ-ਜਗਤ)

ਧੰਨ-ਧੰਨ ਅਮਰ ਸ਼ਹੀਦ ਸੰਘੋਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੁਰਵਕ ਮਨਾਇਆ ਗਿਆ।

ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਦੇ ਇਨਟਰਨੇਸ਼ਨਲ ਢਾਡੀ ਜੱਥੇ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਿਸ਼ਾਹ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਉਨ੍ਹਾਂ ਨੇ ਗੁਰੂ ਸਾਹਿਬ ਵੱਲੋਂ ਮੀਰੀ-ਪੀਰੀ ਕ੍ਰਿਪਾਨਾਂ ਧਾਰਨ ਕਰਨ ਅਤੇ ਜ਼ੁਲਮ ਦੇ ਵਿਰੁੱਧ ਜੰਗ ਲੜਨ ਦੇ ਪ੍ਰਸੰਗ ਨੂੰ ਬੜੇ ਹੀ ਭਾਵਪੂਰਨ ਤਰੀਕੇ ਨਾਲ ਸੰਗਤਾਂ ਨੂੰ ਸਰਵਣ ਕਰਾਇਆ। ਬੀਬੀ ਬਖਸ਼ਿਦਰ ਕੌਰ ਖਾਲਸਾ ਦੇ ਰਾਗੀ ਜੱਥੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾਂ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸੁਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਆਪਣੇ ਪ੍ਰਚਚਨਾਂ ਰਾਹੀਂ ਧੰਨ ਧੰਨ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਜੀ ਦੁਆਰਾ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਰਾਜੇ ਮੁਕਤ ਕਰਵਾਉਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਵਿਸਥਾਰ ਸਹਿਤ ਦੱਸਿਆ। ਇਸ ਤੋਂ ਇਲਾਵਾ ਬੀਬੀ ਇੰਦਰਪ੍ਰੀਤ ਕੌਰ, ਸੁਮਣੀ ਪ੍ਰਚਾਰਕ ਭਾਈ ਬੇਅੰਤ ਸਿੰਘ ਜੀ, ਭਾਈ ਸਰੂਪ ਸਿੰਘ, ਸ਼ੇਰ ਪੰਜਾਬ ਕਵੀਸ਼ਰੀ ਜੱਥਾ, ਭਾਈ ਕੁਲਦੀਪ ਸਿੰਘ, ਭਾਈ ਬਲਜੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦੇ ਜੱਥਿਆਂ ਦੇ ਜਿਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹੜੂਰੀ ਜੱਥੇ ਭਾਈ ਨਿਰੰਜਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜਥਿਆਂ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਝੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਸੰਗਤਾਂ ਨੂੰ ਅਤੂੱਟ ਵਰਤਾਇਆ ਗਿਆ।

# ਰਾਸ਼ਟਰੀ ਪਲਸ ਪੋਲਿਓ ਮੁਹਿੰਮ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਨੇ 98.83 ਫ਼ੀਸਦੀ ਟੀਚਾ ਕੀਤਾ ਹਾਸਲ : ਸਿਵਲ ਸਰਜਨ ਡਾ. ਮਨਦੀਪ ਕਮਲ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸਿਹਤ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 28 ਤੋਂ 30 ਜੂਨ ਤੱਕ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਚਲਾਈ ਗਈ ਰਾਸ਼ਟਰੀ ਪਲਸ ਪੋਲਿਓ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬੂਥਾਂ ਅਤੇ ਘਰ-ਘਰ ਜਾ ਕੇ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਈਆਂ ਗਈਆਂ। ਮੁਹਿੰਮ ਦੌਰਾਨ ਜ਼ਿਲ੍ਹੇ ਨੇ ਆਪਣੇ ਨਿਰਧਾਰਿਤ ਟੀਚੇ ਦਾ 98.83 ਫ਼ੀਸਦੀ ਹਾਸਲ ਕਰ ਲਿਆ ਹੈ। ਇਹ ਜਾਣਕਾਰੀ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਦਿੱਤੀ।

ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਦੱਸਿਆ ਕਿ ਪਹਿਲੇ ਦਿਨ ਜ਼ਿਲ੍ਹੇ ਭਰ ਦੇ ਪੋਲਿਓ ਬੂਥਾਂ 'ਤੇ ਬੱਚਿਆਂ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਈਆਂ ਗਈਆਂ, ਜਦਕਿ ਦੂਜੇ ਅਤੇ ਤੀਜੇ ਦਿਨ ਸਿਹਤ ਵਿਭਾਗ ਦੀਆਂ ਟੀਮਾਂ ਨੇ ਘਰ-ਘਰ ਜਾ ਕੇ ਬੱਚਿਆਂ ਨੂੰ ਕਵਰ ਕੀਤਾ। ਟੀਮਾਂ ਵੱਲੋਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਦੇ ਨਾਲ-ਨਾਲ ਸਲੰਮ ਇਲਾਕਿਆਂ, ਪ੍ਰਵਾਸੀ ਮਜ਼ਦੂਰਾਂ ਦੀਆਂ ਬਸਤੀਆਂ, ਇੱਟਾਂ ਦੇ ਭੱਠਿਆਂ, ਨਿਰਮਾਣ ਸਥਾਨਾਂ ਅਤੇ ਹੋਰ ਸੰਵੇਦਨਸ਼ੀਲ ਖੇਤਰਾਂ ਵਿੱਚ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਬਣਾਈ ਗਈ ਤਾਂ ਜੋ ਕੋਈ ਵੀ ਬੱਚਾ ਪੋਲਿਓ ਦੀਆਂ ਬੂੰਦਾਂ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਦੱਸਿਆ ਕਿ ਮੁਹਿੰਮ ਦੌਰਾਨ ਜ਼ਿਲ੍ਹੇ ਵਿੱਚ 259 'ਐਕਸ' ਹਾਊਸ ਦਰਜ ਕੀਤੇ ਗਏ ਹਨ। ਇਹ ਉਹ ਘਰ ਹਨ ਜਿੱਥੇ ਟੀਮਾਂ ਦੇ ਦੋਰੇ ਸਮੇਂ ਪਰਿਵਾਰ ਘਰ ਵਿੱਚ ਮੌਜੂਦ ਨਹੀਂ ਸੀ ਜਾਂ ਘਰ ਬੰਦ ਮਿਲੇ। ਅਜਿਹੇ ਸਾਰੇ ਘਰਾਂ ਦੀ ਵੱਖਰੀ ਸੂਚੀ ਤਿਆਰ ਕਰ ਲਈ ਗਈ ਹੈ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ 1 ਜੁਲਾਈ ਨੂੰ ਵਿਸ਼ੇਸ਼ ਫਾਲੋ-ਅੱਪ ਮੁਹਿੰਮ ਚਲਾ ਕੇ ਇਨ੍ਹਾਂ ਸਾਰੇ ਘਰਾਂ ਵਿੱਚ ਦੁਬਾਰਾ ਪਹੁੰਚ ਕੀਤੀ ਜਾਵੇਗੀ, ਤਾਂ ਜੋ ਉੱਥੇ ਰਹਿੰਦੇ ਪੰਜ ਸਾਲ ਤੋਂ ਘੱਟ ਉਮਰ ਦੇ ਕਿਸੇ ਵੀ ਬੱਚੇ ਨੂੰ ਪੋਲਿਓ ਦੀਆਂ ਬੂੰਦਾਂ ਪਿਲਾਉਣ ਤੋਂ ਵਾਂਝਾ ਨਾ ਰਹਿਣ ਦਿੱਤਾ ਜਾਵੇ।

- ਰਹਿ ਗਏ ਸਾਰੇ ਬੱਚਿਆਂ ਨੂੰ ਕੱਲ੍ਹ ਵਿਸ਼ੇਸ਼ ਫਾਲੋ-ਅੱਪ ਮੁਹਿੰਮ ਤਹਿਤ ਪਿਲਾਈਆਂ ਜਾਣਗੀਆਂ ਪੋਲਿਓ ਦੀਆਂ ਬੂੰਦਾਂ



ਡਾ. ਮਨਦੀਪ ਕਮਲ ਨੇ ਕਿਹਾ ਕਿ ਪੋਲਿਓ ਮੁਕਤ ਭਾਰਤ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਹਰ ਯੋਗ ਬੱਚੇ ਨੂੰ ਹਰ ਰਾਸ਼ਟਰੀ ਪਲਸ ਪੋਲਿਓ ਰਾਊਂਡ ਦੌਰਾਨ ਪੋਲਿਓ ਦੀਆਂ ਦੋ ਬੂੰਦਾਂ ਪਿਲਾਉਣਾ ਬਹੁਤ ਜ਼ਰੂਰੀ ਹੈ। ਇਸ ਲਈ ਰਹਿ ਗਏ ਬੱਚਿਆਂ ਨੂੰ ਕਵਰ ਕਰਨ ਲਈ ਵਿਭਾਗ ਵੱਲੋਂ ਸੁਚੱਜੀ ਯੋਜਨਾਬੰਦੀ ਕੀਤੀ ਗਈ ਹੈ ਅਤੇ ਕਿਸੇ ਵੀ ਬੱਚੇ ਨੂੰ ਛੱਡਿਆ ਨਹੀਂ ਜਾਵੇਗਾ।

ਉਨ੍ਹਾਂ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ, ਮੈਡੀਕਲ ਅਫ਼ਸਰਾਂ, ਜ਼ਿਲ੍ਹਾ ਅਤੇ ਬਲਾਕ ਪੱਧਰੀ ਅਧਿਕਾਰੀਆਂ, ਸੁਪਰਵਾਈਜ਼ਰਾਂ, ਏ.ਐਨ.ਐਮ., ਮਲਟੀਪਰਪਜ਼ ਹੈਲਥ ਵਰਕਰਾਂ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ ਅਤੇ ਮੁਹਿੰਮ ਨਾਲ ਜੁੜੇ ਸਮੂਹ ਕਰਮਚਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਟੀਮ ਵਰਕ ਸਦਕਾ ਹੀ ਜ਼ਿਲ੍ਹਾ ਹੁਸ਼ਿਆਰਪੁਰ ਨੇ 98.83 ਫ਼ੀਸਦੀ ਪ੍ਰਾਪਤੀ ਦਰਜ ਕੀਤੀ ਹੈ।

ਸਿਵਲ ਸਰਜਨ ਨੇ ਜ਼ਿਲ੍ਹਾ ਵਾਸੀਆਂ, ਖ਼ਾਸ ਕਰਕੇ ਮਾਪਿਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਕਾਰਨ ਉਨ੍ਹਾਂ ਦਾ ਪੰਜ ਸਾਲ ਤੋਂ ਘੱਟ ਉਮਰ ਦਾ ਬੱਚਾ ਅਜੇ ਤੱਕ ਪੋਲਿਓ ਦੀਆਂ ਬੂੰਦਾਂ ਨਹੀਂ ਪੀ ਸਕਿਆ ਜਾਂ ਟੀਮ ਦੇ ਦੋਰੇ ਸਮੇਂ ਉਹ ਘਰ ਵਿੱਚ ਮੌਜੂਦ ਨਹੀਂ ਸਨ, ਤਾਂ 1 ਜੁਲਾਈ ਨੂੰ ਜਦੋਂ ਸਿਹਤ ਵਿਭਾਗ ਦੀਆਂ ਟੀਮਾਂ ਦੁਬਾਰਾ ਉਨ੍ਹਾਂ ਦੇ ਘਰ ਪਹੁੰਚਣ, ਉਹ ਜ਼ਰੂਰ ਸਹਿਯੋਗ ਕਰਨ ਅਤੇ ਆਪਣੇ ਬੱਚੇ ਨੂੰ ਪੋਲਿਓ ਦੀਆਂ ਦੋ ਬੂੰਦਾਂ ਪਿਲਾਉਣ।

# ਪੰਜਾਬੀ ਅਤੇ ਭਾਸ਼ਾ ਵਿਭਾਗ ਵਿਰੋਧੀ ਅਧਿਕਾਰੀਆਂ ਨੂੰ ਪੰਜਾਬ ਸਰਕਾਰ ਪੰਜਾਬੋਂ ਬਾਹਰ ਦਾ ਰਸਤਾ ਦਿਖਾਵੇ : ਹਰਚੰਦਪੁਰੀ, ਵਰਿਆਣਵੀਂ

ਚੰਡੀਗੜ੍ਹ, 30 ਜੂਨ
(ਪੈਗਾਮ-ਏ-ਜਗਤ)

ਕੇਂਦਰੀ ਪੰਜਾਬੀ ਲੇਖਕ ਸਭਾ (ਸੋਪੋ) ਰਜਿ: ਦੇ ਪ੍ਰਧਾਨ ਪਵਨ ਹਰਚੰਦਪੁਰੀ ਅਤੇ ਜਨਰਲ ਸਕੱਤਰ ਪ੍ਰੋਫੈਸਰ ਸੰਧੂ ਵਰਿਆਣਵੀਂ ਨੇ ਪ੍ਰੈਸ ਦੇ ਨਾਮ ਸਾਂਝਾ ਬਿਆਨ ਜਾਰੀ ਕਰਦਿਆਂ ਪੰਜਾਬੀ ਲੇਖਕਾਂ ਅਤੇ ਪੰਜਾਬੀਆਂ ਨਾਲ ਵਿਚਾਰ ਸਾਂਝਾ ਕਰਦਿਆਂ ਲਿਖਿਆ ਹੈ ਕਿ ਪੰਜਾਬ ਸਰਕਾਰ ਅੰਦਰ ਪੰਜਾਬੀ ਅਤੇ ਭਾਸ਼ਾ ਵਿਭਾਗ ਪੰਜਾਬ ਵਿਰੋਧੀ ਕਾਲੀਆਂ ਸ਼ਕਤੀਆਂ ਨੇ ਸਿਰ ਉਠਾਉਣਾ ਸ਼ੁਰੂ ਕਰ ਦਿੱਤਾ ਹੈ।

ਇਹਨਾਂ ਬਾਰੇ ਜਾਣਕਾਰੀ ਅਖ਼ਬਾਰਾਂ ਰਾਹੀਂ ਅਤੇ ਸ਼ੋਸ਼ਲ ਮੀਡੀਆ ਰਾਹੀਂ ਡਾਇਰੈਕਟਰ ਭਾਸ਼ਾ ਵਿਭਾਗ ਜਸਵੰਤ ਜਫ਼ਰ ਜੀ ਵੱਲੋਂ ਪੰਜਾਬੀ ਲੋਕਾਂ ਅਤੇ ਲੇਖਕਾਂ ਨੂੰ ਮੁਹੱਈਆਂ ਕਰਵਾਈ ਗਈ ਹੈ। ਇਸਤੋਂ ਪਹਿਲਾਂ ਕੇਂਦਰੀ ਸਭਾ ਦੀ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਨਾਲ ਸ੍ਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਮੰਗ ਪੱਤਰ ਉੱਤੇ ਮੀਟਿੰਗ ਹੋਈ ਸੀ, ਜਿਸ ਅੰਦਰ ਡਾਇਰੈਕਟਰ ਭਾਸ਼ਾ ਵਿਭਾਗ ਨੂੰ ਪੰਜਾਬ ਸਰਕਾਰ ਦੇ ਅਤੇ ਕੇਂਦਰ ਸਰਕਾਰ ਦੇ ਅਧਿਕਾਰੀਆਂ ਨਾਲ ਪੰਜਾਬੀ ਲਾਗੂ ਕਰਨ ਅਤੇ ਹੋਰ ਮੰਗਾਂ ਸਬੰਧੀ ਪੱਤਰ ਲਿਖਣ ਅਤੇ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ, ਜਿਸਤੇ ਅਮਲ ਕਰਦਿਆਂ ਜਫ਼ਰ ਜੀ ਨੇ ਦ੍ਰਿੜਤਾ ਨਾਲ ਉੱਚ ਅਧਿਕਾਰੀਆਂ ਨੂੰ ਚਿੱਠੀਆਂ ਲਿਖੀਆਂ, ਜਿਸ ਕਾਰਨ ਕੁੱਝ ਆਈ.ਏ.ਐਸ ਅਧਿਕਾਰੀ ਤਰਲੇ ਮੱਛੀ ਹੋ ਕੇ ਪੰਜਾਬੀ ਲਾਗੂ ਕਰਵਾਉਣ ਵਾਲੇ ਅਤੇ ਪੰਜਾਬੀ ਭਾਸ਼ਾ ਲਈ ਦਹਾਕਿਆਂ ਤੋਂ ਕੰਮ ਕਰਨ ਵਾਲੇ ਭਾਸ਼ਾ ਵਿਭਾਗ ਪੰਜਾਬ ਅਤੇ ਇਸਦੇ ਡਾਇਰੈਕਟਰ ਜਸਵੰਤ ਜਫ਼ਰ ਦੇ ਵਿਰੋਧੀ ਬਣ ਗਏ। ਇੱਕ ਅਧਿਕਾਰੀ ਜਫ਼ਰ ਜੀ ਨਾਲ ਉੱਚਾ-ਨੀਚਾ ਹੋਇਆ ਸੀ।

ਹੈਰਾਨੀ ਉਸ ਵੇਲੇ ਹੋਈ, ਜਦੋਂ ਸਬੰਧਤ ਮੰਤਰੀ ਨੇ ਵੀ ਪੰਜਾਬੀ ਵਿਰੋਧੀ ਅਫ਼ਸਰਾਂ ਵਾਲੀ ਬੋਲੀ ਜਫ਼ਰ ਜੀ ਨਾਲ ਮੀਟਿੰਗ ਸਮੇਂ ਬੋਲੀ। ਜਦੋਂਕਿ ਪੰਜਾਬੀ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਭਲੇ ਲਈ ਬੋਲਣਾ ਉਨ੍ਹਾਂ ਦੀ ਹੀ ਜਿੰਮੇਵਾਰੀ ਬਣਦੀ ਸੀ। ਜਦੋਂ ਮਸਲਾ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਜੀ ਦੀ ਕਚਿਹਰੀ ਵਿੱਚ ਜਫ਼ਰ ਜੀ ਲੈ ਕੇ ਗਏ ਤਾਂ ਸਬੰਧਤ ਅਧਿਕਾਰੀ ਨੂੰ ਉਨ੍ਹਾਂ ਝਾੜ ਪਾਈ, ਪਰ ਪਰਨਾਲਾ ਉਥੇ ਦਾ ਉਥੇ ਹੀ ਹੈ।

ਭਾਸ਼ਾ ਵਿਭਾਗ ਦਾ ਬਜਟ ਵੀ ਸਮੇਂ 

# ਮੁੱਖ ਮੰਤਰੀ ਮਾਨ ਵਿਰੁੱਧ ਅਪਮਾਨਜਨਕ ਪੋਸਟਰਾਂ ਦਾ ਸ਼ਿਵ ਸੈਨਾ-ਹਿੰਦ ਨੇ ਕੀਤਾ ਸਖ਼ਤ ਵਿਰੋਧ

ਪੈਗ਼ਾਮ-ਏ-ਜਗਤ
ਅੰਬਾਲਾ, 30 ਜੂਨ (ਆਰ.ਸਿੰਘ)

ਸ਼ਿਵ ਸੈਨਾ-ਹਿੰਦ ਦੇ ਕੌਮੀ ਪ੍ਰਧਾਨ ਨਿਸ਼ਾਂਤ ਸ਼ਰਮਾ ਅਤੇ ਸ਼ਿਵ ਸੈਨਾ-ਹਿੰਦ ਦੇ ਕੌਮੀ ਬੁਲਾਰੇ ਅਤੇ ਪੰਜਾਬ-ਹਰਿਆਣਾ ਇੰਚਾਰਜ ਦੀਪਕ ਸ਼ਾਂਡਿਲਿਆ ਨੇ ਇੱਕ ਸਾਂਝੇ ਬਿਆਨ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਰੁੱਧ ਲਗਾਏ ਗਏ ਅਪਮਾਨਜਨਕ ਪੋਸਟਰਾਂ 'ਤੇ ਡੂੰਘਾ ਗੁੱਸਾ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਕਿਸੇ ਵੀ ਚੁਣੇ ਹੋਏ ਮੁੱਖ ਮੰਤਰੀ ਵਿਰੁੱਧ ਅਜਿਹਾ ਜਨਤਕ ਅਪਮਾਨ ਨਾ ਤਾਂ ਉਚਿੱਤ ਹੈ ਅਤੇ ਨਾ ਹੀ ਪੰਜਾਬ ਦੀ ਸ਼ਾਨਦਾਰ ਪਰੰਪਰਾ ਦੇ ਅਨੁਸਾਰ ਹੈ। ਰਾਜਨੀਤਿਕ ਮਤਭੇਦ ਲੋਕਤੰਤਰ ਦਾ ਹਿੱਸਾ ਹਨ ਪਰ ਵਿਰੋਧ ਪ੍ਰਦਰਸ਼ਨ ਹਮੇਸ਼ਾ ਸਭਿਅਕ, ਸੰਵਿਧਾਨਕ ਅਤੇ ਸਨਮਾਨਜਨਕ ਢੰਗ ਨਾਲ ਕੀਤੇ ਜਾਣੇ ਚਾਹੀਦੇ ਹਨ। ਨਿਸ਼ਾਂਤ ਸ਼ਰਮਾ ਨੇ ਕਿਹਾ ਕਿ ਪਹਿਲਾਂ ਪੰਜਾਬ ਦੇ ਕਈ ਮੁੱਖ ਮੰਤਰੀਆਂ ਨੇ ਵੱਡੀਆਂ ਜਨਤਕ ਮੀਟਿੰਗਾਂ ਅਤੇ ਰੈਲੀਆਂ ਵਿੱਚ ਪਵਿੱਤਰ ਸ੍ਰੀ ਗੁਟਕਾ ਸਾਹਿਬ ਦੀ ਸਹੁੰ ਚੁੱਕ ਕੇ ਵੱਡੇ-ਵੱਡੇ ਵਾਅਦੇ ਕੀਤੇ ਸਨ। ਵੱਖ-ਵੱਖ ਸਰਕਾਰਾਂ ਦੇ ਕਾਰਜਕਾਲ ਦੌਰਾਨ ਕਈ ਗੰਭੀਰ ਘਟਨਾਵਾਂ ਵਾਪਰੀਆਂ, ਕਾਨੂੰਨ ਵਿਵਸਥਾ 'ਤੇ ਸਵਾਲ ਉਠਾਏ ਗਏ, ਲੰਬੇ ਵਿਰੋਧ ਪ੍ਰਦਰਸ਼ਨ ਹੋਏ ਅਤੇ ਬਹੁਤ ਸਾਰੇ ਨਿਰਦੋਸ਼ ਲੋਕਾਂ ਦੀਆਂ ਜਾਨਾਂ ਗਈਆਂ। ਉਨ੍ਹਾਂ ਹਾਲਤਾਂ ਵਿੱਚ ਅਜਿਹੀ ਅਪਮਾਨਜਨਕ ਪੋਸਟਰ ਮੁਹਿਮ ਕਦੇ ਨਹੀਂ ਦੇਖੀ ਗਈ। ਜੇਕਰ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਤਰੀਕੇ ਨਾਲ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤਾਂ ਇਹ ਬਹੁਤਿਆਂ ਨੂੰ ਦੋਹਰਾ ਮਾਪਦੰਡ ਜਾਪਦਾ ਹੈ।

ਦੀਪਕ ਸ਼ਾਂਡਿਲਿਆ ਨੇ ਕਿਹਾ ਕਿ ਸ਼ਿਵ ਸੈਨਾ ਹਿੰਦ ਦਾ ਮੰਨਣਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਬਿਜਲੀ, ਕ੍ਰਿਸ਼ਟਾਚਾਰ ਵਿਰੋਧੀ ਕਾਰਵਾਈ, ਰੁਜ਼ਗਾਰ ਅਤੇ ਕਈ ਹੋਰ ਜਨਤਕ ਭਲਾਈ ਖੇਤਰਾਂ ਵਿੱਚ ਸੁਧਾਰ ਕਰਨ ਲਈ ਯਤਨਸ਼ੀਲ ਰਹੇ ਹਨ।

ਕਿਸੇ ਵੀ ਸਰਕਾਰ ਦੇ ਕੰਮਾਂ ਬਾਰੇ ਮਤਭੇਦ ਹੋ ਸਕਦੇ ਹਨ, ਪਰ ਕਿਸੇ ਵਿਅਕਤੀ ਦੇ ਮਾਣ ਨੂੰ ਢਾਹ ਲਾਉਣ ਵਾਲੀਆਂ ਮੁਹਿੰਮਾਂ ਲੋਕਤੰਤਰੀ ਸਭਿਆਚਾਰ ਨੂੰ ਕਮਜ਼ੋਰ ਕਰਦੀਆਂ ਹਨ। ਦੀਪਕ ਸ਼ਾਂਡਿਲਿਆ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਕੁਝ ਰਾਜਨੀਤਿਕ ਅਤੇ ਸਮਾਜਿਕ ਤੱਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਧਦੀ ਪ੍ਰਸਿੱਧੀ ਅਤੇ ਵਿਕਾਸ ਕਾਰਜਾਂ ਤੋਂ ਨਾਰਾਜ਼ ਅਜਿਹੇ ਪੋਸਟਰ ਲਗਾ ਕੇ ਜਨਤਾ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਪੰਜਾਬ ਦੇ ਲੋਕ ਬੁੱਧੀਮਾਨ ਹਨ ਅਤੇ ਵਿਕਾਸ, ਸ਼ਾਂਤੀ ਤੇ ਭਾਈਚਾਰੇ ਦੀ ਸਾਰਨੀਤੀ ਦਾ ਸਮਰਥਨ ਕਰਦੇ ਹਨ। ਉਨ੍ਹਾਂ ਨੇ ਸਾਰੇ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸੰਗਠਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿੱਚ ਸ਼ਾਂਤੀ, ਭਾਈਚਾਰਾ ਅਤੇ ਵਿਕਾਸ ਨੂੰ ਤਰਜੀਹ ਦੇਣ ਅਤੇ ਅਜਿਹਾ ਕੁਝ ਵੀ ਕਰਨ ਤੋਂ ਗੁਰੇਜ਼ ਕਰਨ ਜਿਸ ਨਾਲ ਸਮਾਜ ਵਿੱਚ ਦੁਸ਼ਮਣੀ ਜਾਂ ਤਣਾਅ ਦਾ ਮਾਹੌਲ ਪੈਦਾ ਹੋ ਸਕੇ।

ਪੰਜਾਬ ਨੂੰ ਵਿਕਾਸ, ਏਕਤਾ ਅਤੇ ਆਪਸੀ ਸਤਿਕਾਰ ਦੀ ਲੋੜ ਹੈ, ਟਕਰਾਅ ਦੀ ਨਹੀਂ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਰਾਇਣਗੜ੍ਹ ਦੌਰੇ ਦੀਆਂ ਤਿਆਰੀਆਂ ਮੁਕੰਮਲ

ਪੈਗ਼ਾਮ-ਏ-ਜਗਤ
ਅੰਬਾਲਾ, 30 ਜੂਨ (ਆਰ.ਸਿੰਘ)

- ਡਿਪਟੀ ਕਮਿਸ਼ਨਰ ਅਨੈ ਸਿੰਘ ਤੋਮਰ ਨੇ ਪ੍ਰਬੰਧਾਂ ਦਾ ਜਾਇਜ਼ਾ ਲਿਆ

ਭਲਕੇ 1 ਜੁਲਾਈ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਰਾਇਣਗੜ੍ਹ ਦੇ ਯੋਜਨਾਬੱਧ ਦੌਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਆਪਣੀ ਫੇਰੀ ਦੌਰਾਨ ਮੁੱਖ ਮੰਤਰੀ ਲਗਭਗ 114 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਅਤੇ ਲੋਕ ਭਲਾਈ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਮੁੱਖ ਮੰਤਰੀ ਦੇ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਅਨੈ ਸਿੰਘ ਤੋਮਰ ਨੇ ਮੰਗਲਵਾਰ ਨੂੰ ਸਿਵਲ ਹਸਪਤਾਲ, ਨਰਾਇਣਗੜ੍ਹ ਅਤੇ ਜਨਤਕ ਮੀਟਿੰਗ ਸਥਾਨ, ਅਨਾਜ ਮੰਡੀ, ਨਰਾਇਣਗੜ੍ਹ ਦਾ ਦੌਰਾ ਕੀਤਾ ਅਤੇ ਸਮਾਗਮ ਸਥਾਨ 'ਤੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਇੱਕ ਦੂਜੇ ਨਾਲ ਤਾਲਮੇਲ ਵਿੱਚ ਕੰਮ ਕਰਨ ਅਤੇ ਮੁੱਖ ਮੰਤਰੀ ਦੇ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕਰਨ ਲਈ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾਵਸ਼ਲੀ ਢੰਗ ਨਾਲ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਸਿਵਲ ਹਸਪਤਾਲ ਵਿੱਚ ਉਦਘਾਟਨ ਸਮਾਰੋਹ ਦੀਆਂ ਤਿਆਰੀਆਂ, ਹਸਪਤਾਲ ਕੰਪਲੈਕਸ ਦੀ ਸਫਾਈ, ਪੀਣ ਵਾਲੇ ਪਾਣੀ, ਬਿਜਲੀ ਸਪਲਾਈ, ਡਾਕਟਰੀ ਸਹੂਲਤਾਂ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਦਾ ਨਿਰੀਖਣ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੇ ਅਨਾਜ ਮੰਡੀ ਵਿਖੇ ਜਨਤਕ ਮੀਟਿੰਗ ਵਾਲੀ ਥਾਂ 'ਤੇ ਸਟੇਜ, ਬੈਠਣ ਦੇ ਪ੍ਰਬੰਧ, ਪਾਰਕਿੰਗ, ਟਰੈਫ਼ਿਕ ਪ੍ਰਬੰਧਨ, ਸੁਰੱਖਿਆ ਪ੍ਰਬੰਧ, ਪ੍ਰਵੇਸ਼ ਅਤੇ ਨਿਕਾਸ ਮਾਰਗਾਂ ਅਤੇ ਹੋਰ ਪ੍ਰਬੰਧਾਂ ਦਾ ਨਿਰੀਖਣ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸੁਰੱਖਿਆ, ਆਵਾਜਾਈ, ਸੈਨੀਟੇਸ਼ਨ, ਪੀਣ ਵਾਲਾ ਪਾਣੀ, ਬਿਜਲੀ ਅਤੇ ਹੋਰ ਸਾਰੇ ਜ਼ਰੂਰੀ ਪ੍ਰਬੰਧ ਸੁਚਾਰੂ ਢੰਗ ਨਾਲ ਹੋਣੇ ਚਾਹੀਦੇ ਹਨ।

ਇਸ ਮੌਕੇ ਸਿਹਤ ਵਿਭਾਗ ਦੇ ਡਾਇਰੈਕਟਰ ਡਾ. ਬ੍ਰਹਮਦੀਪ, ਨਗਰ ਨਿਗਮ ਕਮਿਸ਼ਨਰ ਵੀਰੇਂਦਰ ਸਹਿਰਾਵਤ, ਵਧੀਕ ਡਿਪਟੀ ਕਮਿਸ਼ਨਰ ਵਿਕਾਰ, ਐਸਡੀਐਮ ਸ਼ਿਵਜੀਤ ਭਾਰਤੀ, ਮੁੱਖ ਮੰਤਰੀ ਦੇ ਭਰਾ ਨੰਬਰਦਾਰ ਸੁਰੇਸ਼ ਪਾਲ, ਜ਼ਿਲ੍ਹਾ ਪ੍ਰੀਸ਼ਦ ਦੇ ਸੀਈਓ ਗਗਨਦੀਪ ਸਿੰਘ, ਡੀਐਸਪੀ ਸੂਰਜ ਚਾਵਲਾ, ਸਿਵਲ ਸਰਜਨ ਡਾ. ਰੇਣੂ ਬੇਰੀ, ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਅਮਿਤ ਮਲਿਕ, ਨਾਇਬ ਤਹਿਸੀਲਦਾਰ ਸੁਨੀਲ ਕੁਮਾਰ, ਬੀਡੀਪੀਓ ਜੋਗੇਸ਼ ਕੁਮਾਰ, ਐਸਐਮਓ ਨਰਾਇਣਗੜ੍ਹ ਡਾ. ਪ੍ਰਵੀਨ ਕੁਮਾਰ, ਡਾ. ਵਿਸ਼ਾਲ ਮੋਦਗਿਲ, ਡਾ. ਸੁਖਪ੍ਰੀਤ, ਡਾ. ਸਿਧਾਰਥ, ਡਾ. ਸਮੀਰ, ਡਾ. ਸੰਜੀਵ ਸਿੰਗਲਾ, ਨਗਰ ਪ੍ਰੀਸ਼ਦ ਸਕੱਤਰ ਰਾਜੇਸ਼, ਲੋਕ ਨਿਰਮਾਣ ਵਿਭਾਗ ਦੇ ਐਸਡੀਓ ਵੀਰੇਂਦਰ ਸਿੰਘ, ਮਾਰਕੀਟ ਕਮੇਟੀ ਸਕੱਤਰ ਅਖਿਲੇਸ਼ ਸ਼ਰਮਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਤੁਹਾਨੂੰ ਦੱਸ ਦੇਈਏ ਕਿ ਨਰਾਇਣਗੜ੍ਹ ਦੇ ਆਪਣੇ ਦੌਰੇ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਿਹਤ ਵਿਭਾਗ ਦੇ ਕੁੱਲ ਸੱਤ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ 70 ਐਡਵਾਂਸਡ ਲਾਈਵ ਸਪੋਰਟ ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾਉਣੀ। ਇਸ ਤੋਂ ਇਲਾਵਾ ਮੁੱਖ ਮੰਤਰੀ ਅੰਬਾਲਾ, ਫਰੀਦਾਬਾਦ, ਕੈਥਲ, ਪਲਵਲ, ਰਿਵਾੜੀ ਅਤੇ ਮੰਡੀ ਖੇੜਾ (ਨੂਹ) ਦੇ ਛੇ ਜ਼ਿਲ੍ਹਾ ਹਸਪਤਾਲਾਂ ਵਿੱਚ ਪੂਰੇ ਕੀਤੇ ਗਏ ਨਵੀਨੀਕਰਨ ਪ੍ਰੋਜੈਕਟਾਂ (28.09 ਕਰੋੜ ਰੁਪਏ) ਦਾ ਉਦਘਾਟਨ ਕਰਨਗੇ।

# ਡੀਸੀ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਵਿੱਚ ਸਮਰ ਕੈਂਪ ਨੇ ਬੱਚਿਆਂ ਵਿੱਚ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਸੰਸਕਾਰਾਂ ਦੀ ਨਵੀਂ ਊਰਜਾ ਜਗਾਈ : ਜੋਗਿੰਦਰ ਮਲਿਕ

ਪੈਗ਼ਾਮ-ਏ-ਜਗਤ
ਹਾਂਸੀ (ਦਿਨਕਰ ਗਾਵਜੀ)

- ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਦੇ ਸਮਰ ਕੈਂਪ ਦਾ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਪ੍ਰਤਿਭਾ ਸਨਮਾਨ ਨਾਲ ਹੋਇਆ ਸ਼ਾਨਦਾਰ ਸਮਾਪਨ

ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਦੇ ਪ੍ਰਧਾਨ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਵਿੱਚ ਆਯੋਜਿਤ ਸਮਰ ਕੈਂਪ ਦਾ ਸਮਾਪਨ ਮੰਗਲਵਾਰ ਨੂੰ ਬਾਲ ਭਵਨ ਵਿੱਚ ਬਹੁਤ ਉਤਸ਼ਾਹ, ਉਮੰਗ ਅਤੇ ਸੱਭਿਆਚਾਰਕ ਰੰਗਾਂ ਦੇ ਵਿਚਕਾਰ ਸੰਪੰਨ ਹੋਇਆ। ਸਮਾਪਨ ਸਮਾਰੋਹ ਵਿੱਚ ਬੱਚਿਆਂ ਦੀਆਂ ਮਨਮੋਹਕ ਪੇਸ਼ਕਾਰੀਆਂ, ਸਨਮਾਨ ਸਮਾਰੋਹ ਅਤੇ ਪ੍ਰੋਫ਼ਤਾਦਾਇਕ ਸੰਬੋਧਨਾਂ ਨੇ ਪੂਰੇ ਵਾਤਾਵਰਣ ਨੂੰ ਉਲਾਸਮਈ ਬਣਾ ਦਿੱਤਾ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਖੰਡ ਸਿੱਖਿਆ ਅਧਿਕਾਰੀ ਜੋਗਿੰਦਰ ਮਲਿਕ ਅਤੇ ਵਿਸ਼ੇਸ਼ ਮਹਿਮਾਨ ਵਜੋਂ ਰਵਿੰਦਰ ਅੰਤਰੀ, ਪ੍ਰਧਾਨ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਹਾਜ਼ਰ ਰਹੇ। ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਵੱਲੋਂ ਦੋਹਾਂ ਮਹਿਮਾਨਾਂ ਦਾ ਫੁੱਲਾਂ ਦਾ ਗੁਲਦਸਤਾ ਅਤੇ ਯਾਦਗਾਰੀ-ਚਿੰਨ੍ਹ ਭੇਟ ਕਰਕੇ ਸ਼ਾਨਦਾਰ ਸਵਾਗਤ ਅਤੇ ਸਨਮਾਨ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਨ ਅਤੇ ਸਰਸਵਤੀ ਵੰਦਨਾ ਨਾਲ ਹੋਈ। ਇਸ ਤੋਂ ਬਾਅਦ ਸਮਰ ਕੈਂਪ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੇ ਦੇਸ਼ ਭਗਤੀ ਗੀਤਾਂ, ਹਰਿਆਣਵੀ ਲੋਕ ਸੱਭਿਆਚਾਰ, ਸਮੂਹ ਨਾਚ, ਸੰਗੀਤ, ਯੋਗ, ਚਿੱਤਰਕਲਾ ਅਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ 'ਤੇ ਆਧਾਰਿਤ ਆਕਰਸ਼ਕ ਪੇਸ਼ਕਾਰੀਆਂ ਦੇ ਕੇ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਬੱਚਿਆਂ ਦੇ ਆਤਮ-ਵਿਸ਼ਵਾਸ, ਅਨੁਸ਼ਾਸਨ, ਮੰਚ ਸੰਚਾਲਨ ਸਮਰੱਥਾ ਅਤੇ ਉਤਕ੍ਰਿਸ਼ਟ ਪ੍ਰਦਰਸ਼ਨ ਦੀ ਹਾਜ਼ਰ ਮਹਿਮਾਨਾਂ, ਮਾਪਿਆਂ ਅਤੇ ਦਰਸ਼ਕਾਂ ਨੇ ਖੁੱਲ੍ਹੇ ਦਿਲ ਨਾਲ ਸ਼ਲਾਘਾ ਕੀਤੀ।

ਖੰਡ ਸਿੱਖਿਆ ਅਧਿਕਾਰੀ ਜੋਗਿੰਦਰ ਮਲਿਕ ਨੇ ਕਿਹਾ ਕਿ ਸਮਰ ਕੈਂਪ ਬੱਚਿਆਂ ਦੇ ਸ਼ਖ਼ਸੀਅਤ ਨਿਰਮਾਣ ਦੀ ਇੱਕ ਮਹੱਤਵਪੂਰਨ ਪਾਠਸ਼ਾਲਾ ਹਨ। ਅਜਿਹੇ ਕੈਂਪ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਅਗਵਾਈ ਸਮਰੱਥਾ, ਅਨੁਸ਼ਾਸਨ, ਰਚਨਾਤਮਕ ਸੋਚ, ਟੀਮ ਭਾਵਨਾ ਅਤੇ ਸਮਾਜਿਕ ਕਦਰਾਂ-ਕੀਮਤਾਂ ਦਾ ਵਿਕਾਸ ਕਰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਦੌਰ ਵਿੱਚ ਕੇਵਲ ਅਕਾਦਮਿਕ ਸਿੱਖਿਆ ਹੀ ਕਾਫ਼ੀ ਨਹੀਂ ਹੈ, ਸਗੋਂ ਬੱਚਿਆਂ ਦਾ ਨੈਤਿਕ, ਸੱਭਿਆਚਾਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਵੀ ਓਨਾ ਹੀ ਜ਼ਰੂਰੀ ਹੈ। ਉਨ੍ਹਾਂ ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿੱਚ ਵੀ ਅਜਿਹੇ ਆਯੋਜਨ ਲਗਾਤਾਰ ਜਾਰੀ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਸਮਾਰੋਹ ਦੌਰਾਨ ਸਮਰ ਕੈਂਪ ਵਿੱਚ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਹਿਭਾਗਿਤਾ ਪਮਾਣ-ਪੱਤਰ ਪ੍ਰਦਾਨ ਕੀਤੇ ਗਏ, ਜਦਕਿ ਵੱਖ-ਵੱਖ ਮੁਕਾਬਲਿਆਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਕੇ ਬੱਚਿਆਂ ਦੇ ਚਿਹਰੇ ਖੁਸ਼ੀ ਨਾਲ ਖਿੜ ਉਠੇ ਅਤੇ ਮਾਪਿਆਂ ਨੇ ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਦੀ ਇਸ ਪਹਿਲ ਦੀ ਭਰਪੂਰ ਸ਼ਲਾਘਾ ਕੀਤੀ।

ਪ੍ਰੋਗਰਾਮ ਦੇ ਅੰਤ ਵਿੱਚ ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਵੱਲੋਂ ਮੁੱਖ ਮਹਿਮਾਨ ਜੋਗਿੰਦਰ ਮਲਿਕ ਅਤੇ ਵਿਸ਼ੇਸ਼ ਮਹਿਮਾਨ ਰਵਿੰਦਰ ਅੰਤਰੀ ਨੂੰ ਯਾਦਗਾਰੀ-ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਬਾਲ ਭਲਾਈ ਅਧਿਕਾਰੀ ਓਮਪ੍ਰਕਾਸ਼ ਬਿਬਿਆਨ ਨੇ ਸਾਰੇ ਮਹਿਮਾਨਾਂ, ਪ੍ਰਸ਼ਿਕਸ਼ਕਾਂ, ਮਾਪਿਆਂ, ਪਰਿਸ਼ਦ ਦੇ ਕਰਮਚਾਰੀਆਂ ਅਤੇ ਸਮਰ ਕੈਂਪ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣਾ ਵਾਲੇ ਸਾਰੇ ਵਿਅਕਤੀਆਂ ਦਾ ਧੰਨਵਾਦ ਪ੍ਰਗਟ ਕੀਤਾ। ਰਾਸ਼ਟਰਗਾਨ ਨਾਲ ਸਮਾਰੋਹ ਦਾ ਗਰਿਮਾਪੂਰਨ ਸਮਾਪਨ ਹੋਇਆ। ਇਸ ਮੌਕੇ 'ਤੇ ਪ੍ਰੋਗਰਾਮ ਅਧਿਕਾਰੀ ਸ੍ਰੀਮਤੀ ਮੋਨਿਕਾ, ਧਰਮਬੀਰ, ਅਮਰਜੀਤ, ਨਿਰਮਲ, ਗੀਤਾ, ਮਨੀਸ਼ਾ, ਰਾਧਾ, ਸੁਮਨ ਜਾਂਗੜਾ, ਟਿੰਕੂ, ਨੇਹਾ, ਇਸ਼ਿਕਾ, ਮਨਿਕਾ ਸਮੇਤ ਜ਼ਿਲ੍ਹਾ ਬਾਲ ਭਲਾਈ ਪਰਿਸ਼ਦ ਦਾ ਸਮੂਚਾ ਸਟਾਫ਼ ਹਾਜ਼ਰ ਰਿਹਾ।

# ਡਿਪਟੀ ਕਮਿਸ਼ਨਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਦੀ ਸਮੀਖਿਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 30 ਜੂਨ (ਪੈਗ਼ਾਮ-ਏ-ਜਗਤ)

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹੇ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਰਾਜ ਵਪਾਰੀ ਕਮਿਸ਼ਨ ਦੀਆਂ ਵੱਖ-ਵੱਖ ਮੀਟਿੰਗਾਂ ਦੌਰਾਨ ਉਠਾਏ ਗਏ ਮਾਮਲਿਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਨ੍ਹਾਂ ਕੋਲ ਲੰਬਿਤ ਪਏ ਮਾਮਲਿਆਂ ਦਾ ਨਿਪਟਾਰਾ ਬਿਨਾਂ ਕਿਸੇ ਦੇਰੀ ਤੋਂ ਕੀਤਾ ਜਾਵੇ ਅਤੇ ਕੀਤੀ ਗਈ ਕਾਰਵਾਈ ਦੀ ਅਪਡੇਟ ਨਿਯਮਤ ਤੌਰ 'ਤੇ ਪੋਰਟਲ 'ਤੇ ਦਰਜ ਕੀਤੀ ਜਾਵੇ। ਸਮੀਖਿਆ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਅਤੇ ਵਿਧਾਨ